ਸ਼ੁੱਕਰਵਾਰ, 24 ਜਨਵਰੀ, 2025

11 ਮਾਘ { ਨਾਨਕਸ਼ਾਹੀ 556 / ਬਿਕਰਮੀ 2081

ਜਿਲਦ/VOL. : 73
ਅੰਕ/NO. : 235

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • FRIDAY, 24 JANUARY, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਸਿੰਘ ਸਾਹਿਬਾਨ ਦੀ ਮੀਟਿੰਗ 28 ਨੂੰ

## ਅਕਾਲੀ ਦਲ ਦੇ ਭਰਤੀ ਵਿਵਾਦ ਤੇ ਗਿਆਨੀ ਹਰਪ੍ਰੀਤ ਸਿੰਘ ਦੇ ਮਸਲੇ ਵਿਚਾਰੇ ਜਾਣ ਦੀ ਚਰਚਾ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**



ਸ਼੍ਰੋਮਣੀ ਅਕਾਲੀ ਦਲ ਦੀ ਭਰਤੀ ਸੰਬੰਧੀ ਚੱਲ ਰਹੇ ਵਿਵਾਦ ਦੌਰਾਨ ਸ੍ਰੀ ਅਕਾਲ ਤਖਤ ਦੇ ਜੱਥੇਦਾਰ ਗਿਆਨੀ ਰਘਬੀਰ ਸਿੰਘ ਨੇ ਪੰਜ ਸਿੰਘ ਸਾਹਿਬਾਨ ਦੀ ਇਕੱਤਰਤਾ 28 ਜਨਵਰੀ ਨੂੰ ਸਵੇਰੇ 11 ਵਜੇ ਸੱਦ ਲਈ ਹੈ।

ਜਥੇਦਾਰ ਦੇ ਮੀਡੀਆ ਸਲਾਹਕਾਰ ਤਲਵਿੰਦਰ ਸਿੰਘ ਬੁੱਟਰ ਨੇ ਕਿਹਾ ਕਿ ਇਕੱਤਰਤਾ 'ਚ ਅਹਿਮ ਪੰਥਕ ਮਸਲਿਆਂ ਨੂੰ ਵਿਚਾਰਿਆ ਜਾਵੇਗਾ। ਭਾਵੇਂ ਮੀਟਿੰਗ ਦੇ ਏਜੰਡੇ ਬਾਰੇ ਖੁਲਾਸਾ ਨਹੀਂ ਕੀਤਾ ਗਿਆ, ਪਰ ਇਸ ਵੇਲੇ ਭਰਤੀ ਸੰਬੰਧੀ ਵਿਵਾਦ ਇੱਕ ਵੱਡਾ ਮੁੱਦਾ ਹੈ।

ਅਕਾਲੀ ਦਲ ਦੀ ਨਾਰਾਜ਼ ਧਿਰ ਦੇ ਆਗੂ ਗੁਰਪ੍ਰਤਾਪ ਸਿੰਘ ਵਡਾਲਾ ਅਤੇ ਹੋਰ ਆਗੂ ਕਈ ਵਾਰ ਜਥੇਦਾਰ ਗਿਆਨੀ ਰਘਬੀਰ ਸਿੰਘ ਨੂੰ ਮਿਲ ਕੇ ਮੰਗ ਕਰ ਚੁੱਕੇ ਹਨ ਕਿ ਦੋ ਦਸੰਬਰ ਦੀ ਪੰਜ ਸਿੰਘ ਸਾਹਿਬਾਨ ਦੀ ਮੀਟਿੰਗ ਦੇ ਫੈਸਲਿਆਂ ਨੂੰ ਮੁਕੰਮਲ ਤੌਰ 'ਤੇ ਲਾਗੂ ਕੀਤਾ ਜਾਵੇ, ਜਿਸ 'ਚ ਭਰਤੀ ਦੀ ਨਿਗਰਾਨੀ ਸੰਬੰਧੀ ਸੱਤ ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ ਸੀ। ਉਨ੍ਹਾਂ ਦਾ ਦੋਸ਼ ਹੈ ਕਿ ਇਸ ਫ਼ੈਸਲੇ ਨੂੰ ਅਣਦੇਖਿਆ ਕਰਕੇ ਅਕਾਲੀ ਦਲ ਵੱਲੋਂ ਭਰਤੀ ਮੁਹਿੰਮ 20 ਜਨਵਰੀ ਤੋਂ ਸ਼ੁਰੂ ਕਰ ਦਿੱਤੀ ਗਈ ਹੈ। ਚਰਚਾ ਹੈ ਕਿ ਜਥੇਦਾਰ ਗਿਆਨੀ ਰਘਬੀਰ ਸਿੰਘ ਨੇ ਵਿਦੇਸ਼ ਦੌਰੇ 'ਤੇ ਜਾਣਾ ਸੀ ਪਰ ਚੱਲ ਰਹੇ ਇਸ ਵਿਵਾਦ ਕਾਰਨ ਉਨ੍ਹਾ ਦੌਰਾ ਰੱਦ ਕਰ ਦਿੱਤਾ ਹੈ।

ਮੀਟਿੰਗ ਵਿੱਚ ਤਖਤ ਸ੍ਰੀ ਦਮਦਮਾ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਦੇ ਸ਼ਾਮਲ ਹੋਣ ਦੀ ਸੰਭਾਵਨਾ ਨਹੀਂ। ਇਹ ਮੀਟਿੰਗ ਰੱਖਣ ਤੋਂ ਪਹਿਲਾਂ ਗਿਆਨੀ ਹਰਪ੍ਰੀਤ ਸਿੰਘ ਨੂੰ ਵਿਸ਼ਵਾਸ ਵਿੱਚ ਨਹੀਂ ਲਿਆ ਗਿਆ। ਪਿਛਲੇ ਸਮੇਂ ਵਿੱਚ ਗਿਆਨੀ ਰਘਬੀਰ ਸਿੰਘ ਵੱਲੋਂ ਗਿਆਨੀ ਹਰਪ੍ਰੀਤ ਸਿੰਘ ਨਾਲ ਕੀਤੀ ਜਾਣ ਵਾਲੀ ਮੀਟਿੰਗ ਵੀ ਨਹੀਂ ਹੋ ਸਕੀ। ਮੀਟਿੰਗ ਵਿੱਚ ਗਿਆਨੀ ਹਰਪ੍ਰੀਤ ਸਿੰਘ ਦੀ ਮੁਅੱਤਲੀ ਸੰਬੰਧੀ ਵੀ ਚਰਚਾ ਹੋ ਸਕਦੀ ਹੈ।

# ਲੋਹ ਯੁੱਗ ਦੀ ਸ਼ੁਰੂਆਤ 5300 ਸਾਲ ਪਹਿਲਾਂ ਤਾਮਿਲਨਾਡੂ 'ਚ ਹੋਈ ਸੀ





ਮੁੱਖ ਮੰਤਰੀ ਐੱਮ ਕੇ ਸਟਾਲਿਨ ਤੇ ਸੱਜੇ ਸ਼ਿਵਾਗਲਾਈ ਵਿੱਚ ਕੀਤੀ ਜਾ ਰਹੀ ਖੁਦਾਈ ਦਾ ਦ੍ਰਿਸ਼।

**ਚੇਨਈ** : ਤਾਮਿਲਨਾਡੂ ਦੇ ਮੁੱਖ ਮੰਤਰੀ ਐੱਮ ਕੇ ਸਟਾਲਿਨ ਨੇ ਵੀਰਵਾਰ ਐਲਾਨਿਆ ਕਿ ਲੋਹ ਯੁੱਗ ਦੀ ਸ਼ੁਰੂਆਤ ਤਾਮਿਲਨਾਡੂ 'ਚ 5300 ਸਾਲ ਪਹਿਲਾਂ ਹੋਈ ਸੀ। ਹੁਣ ਤੱਕ ਇਹ ਮੰਨਿਆ ਜਾਂਦਾ ਸੀ ਕਿ ਲੋਹ ਯੁੱਗ ਦੀ ਸ਼ੁਰੂਆਤ 3200 ਸਾਲ ਪਹਿਲਾਂ ਮੱਧ-ਪੂਰਬ ਅਤੇ ਦੱਖਣ-ਪੂਰਬੀ ਯੂਰਪ ਵਿੱਚ ਹੋਈ ਸੀ। ਉਨ੍ਹਾ ਕਿਹਾ—ਮੈਂ ਦੁਨੀਆ ਨੂੰ ਦੱਸ ਰਿਹਾ ਹਾਂ ਕਿ ਤਾਮਿਲਨਾਡੂ ਵਿੱਚ ਲੋਹੇ ਨੂੰ ਗਲਾਉਣ ਦੀ ਤਕਨੀਕ 5300 ਸਾਲ ਪਹਿਲਾਂ ਵਿਕਸਤ ਕੀਤੀ ਗਈ ਸੀ। ਇਹ ਵਿਸ਼ਵਾਸ ਨਾਲ ਕਿਹਾ ਜਾ ਸਕਦਾ ਹੈ ਕਿ ਦੱਖਣੀ ਭਾਰਤ, ਖਾਸਕਰ ਤਾਮਿਲਨਾਡੂ ਵਿੱਚ ਲਗਭਗ 3345 ਈਸਾ ਪੂਰਵ ਲੋਹੇ ਦੀ ਸ਼ੁਰੂਆਤ ਹੋਈ ਸੀ। ਤਾਮਿਲਨਾਡੂ ਦੇ ਸ਼ਿਵਾਗਲਾਈ ਤੋਂ ਇਕੱਤਰ ਕੀਤੇ ਗਏ ਨਮੂਨਿਆਂ ਨੂੰ ਵਿਸ਼ਲੇਸ਼ਣ ਲਈ ਪੁਣ ਤੇ ਫਲੋਰੀਡਾ ਸਣੇ ਦੁਨੀਆ ਦੀਆਂ ਸਰਵਸ੍ਰੇਸ਼ਠ ਪ੍ਰਯੋਗਸ਼ਾਲਾਵਾਂ 'ਚ ਘੱਲਿਆ ਗਿਆ ਸੀ। ਪ੍ਰਯੋਗਸ਼ਾਲਾਵਾਂ ਦੀਆਂ ਲੱਭਤਾਂ ਦੀ ਤਾਮਿਲਨਾਡੂ ਦੇ ਪੁਰਾਤਤਵ ਵਿਭਾਗ ਨੇ ਵੀ ਅਧਿਐਨ ਕੀਤਾ ਤੇ ਉਨ੍ਹਾਂ ਨੂੰ ਸਹੀ ਪਾਇਆ।

ਸਟਾਲਿਨ ਨੇ ਦੱਸਿਆ ਕਿ ਇਨ੍ਹਾਂ ਲੱਭਤਾਂ ਨੂੰ 'ਦੀ ਐਂਟੀਕੁਇਟੀ ਆਫ ਆਇਰਨ' ਨਾਂਅ ਦੀ ਪੁਸਤਕ ਵਿੱਚ ਸੰਕਲਤ ਕੀਤਾ ਗਿਆ ਹੈ। ਇਸ ਪੁਸਤਕ ਵਿੱਚ ਕੌਮੀ ਪੱਧਰ ਦੇ ਪੁਰਾਤਤਵ ਮਾਹਰਾਂ ਦੀ ਰਾਇ ਸ਼ਾਮਲ ਹੈ, ਜਿਨ੍ਹਾਂ ਵਿਸ਼ਲੇਸ਼ਣ ਦੇ ਨਤੀਜਿਆਂ ਦੀ ਸਮੀਖਿਆ ਕੀਤੀ। ਮੁੱਖ ਮੰਤਰੀ ਨੇ ਚੱਲ ਰਹੀ ਖੋਜ ਦੇ ਮਹੱਤਵ 'ਤੇ ਜ਼ੋਰ ਦਿੰਦਿਆਂ ਕਿਹਾ—ਵੱਖ-ਵੱਖ ਥਾਵਾਂ ਤੋਂ ਕੱਢੀਆਂ ਲੋਹ ਕਲਾਕ੍ਰਿਤਾਂ ਦੀ ਧਾਤੂਕਰਮ ਵਿਸ਼ਲੇਸ਼ਣ ਨਾਲ ਹੀ ਲੋਹ ਧਾਤ ਯੁਕਤ ਪੁਰਾਤਾਤਵਿਕ ਥਾਵਾਂ 'ਤੇ ਭਵਿੱਖ ਦੀ ਖੁਦਾਈ, ਇਨ੍ਹਾਂ ਖੋਜਾਂ ਨੂੰ ਬਲ ਪ੍ਰਦਾਨ ਕਰੇਗੀ। ਇਹ ਕੋਸ਼ਿਸ਼ਾਂ ਇਨ੍ਹਾਂ ਨਤੀਜਿਆਂ ਦਾ ਸਮਰਥਨ ਕਰਨ ਲਈ ਵਧੇਰੇ ਸਬੂਤ ਤੇ ਸਪੱਸ਼ਟਤਾ ਪ੍ਰਦਾਨ ਕਰਨਗੀਆਂ ਤੇ ਅਸੀਂ ਭਰੋਸੇ ਨਾਲ ਅਜਿਹੇ ਮਜ਼ਬੂਤ ਸਬੂਤ ਦੀ ਉਡੀਕ ਕਰ ਰਹੇ ਹਾਂ। ਸਟਾਲਿਨ ਨੇ ਇਨ੍ਹਾਂ ਖੋਜਾਂ ਦੇ ਮਹੱਤਵ 'ਤੇ ਰੌਸ਼ਨੀ ਪਾਉਂਦਿਆਂ ਜ਼ੋਰ ਦੇ ਕੇ ਕਿਹਾ ਕਿ ਧਾਤ ਤੋਂ ਲੋਹਾ ਕੱਢਣ ਦੀ ਤਕਨੀਕ ਪਹਿਲੀ ਵਾਰ ਤਾਮਿਲਨਾਡੂ ਵਿੱਚ ਵਿਸ਼ਵ ਪੱਧਰ 'ਤੇ ਪੇਸ਼ ਕੀਤੀ ਗਈ ਸੀ। ਉਨ੍ਹਾ ਕਿਹਾ—ਅਸੀਂ ਵਿਗਿਆਨਕ ਤੌਰ 'ਤੇ ਸਥਾਪਤ ਕੀਤਾ ਹੈ ਕਿ ਲੋਹਾ 5300 ਸਾਲ ਪਹਿਲਾਂ ਤਾਮਿਲ ਖੇਤਰ ਵਿੱਚ ਪੇਸ਼ ਕੀਤਾ ਗਿਆ ਸੀ। ਇਹ ਤਾਮਿਲ ਲੋਕਾਂ, ਤਾਮਿਲਨਾਡੂ ਤੇ ਤਾਮਿਲ ਭੂਮੀ ਲਈ ਬਹੁਤ ਮਾਣ ਵਾਲੀ ਗੱਲ ਹੈ। ਇਹ ਤਾਮਿਲਨਾਡੂ ਵੱਲੋਂ ਪੂਰੀ ਮਨੁੱਖੀ ਜਾਤ ਲਈ ਇੱਕ ਮੀਲ-ਪੱਥਰੀ ਯੋਗਦਾਨ ਹੈ। ਮੁੱਖ ਮੰਤਰੀ ਨੇ ਆਪਣੇ ਲੰਮੇ ਸਮੇਂ ਤੋਂ ਚੱਲ ਰਹੇ ਵਿਸ਼ਵਾਸ ਨੂੰ ਦੁਹਰਾਇਆ ਕਿ ਭਾਰਤ ਦਾ ਇਤਿਹਾਸ ਤਾਮਿਲਨਾਡੂ ਦੇ ਪਰਿਪੇਖ ਵਿੱਚ ਲਿਖਿਆ ਜਾਣਾ ਚਾਹੀਦਾ ਹੈ। ਉਨ੍ਹਾ ਤਾਮਿਲਨਾਡੂ ਪੁਰਾਤਤਵ ਵਿਭਾਗ ਦੀ ਨਿਰੰਤਰ ਖੋਜ ਲਈ ਸ਼ਲਾਘਾ ਕੀਤੀ, ਜਿਸ ਬਾਰੇ ਉਨ੍ਹਾ ਕਿਹਾ ਇਹ ਇਤਿਹਾਸ ਦੀ ਸਮਝ ਵਿੱਚ ਅਹਿਮ ਮੋੜ ਲਿਆ ਰਹੀ ਹੈ।ਇਸੇ ਦੌਰਾਨ ਰਾਹੁਲ ਗਾਂਧੀ ਨੇ ਸਟਾਲਿਨ ਨੂੰ ਟੈਗ ਕਰਦਿਆਂ ਪੋਸਟ ਪਾਈ ਹੈ ਕਿ ਭਾਰਤ ਦੀ ਅਮੀਰ ਵਿਰਾਸਤ ਦੁਨੀਆ ਨੂੰ ਲਗਾਤਾਰ ਪ੍ਰੇਰਿਤ ਕਰ ਰਹੀ ਹੈ। ਹਾਲੀਆ ਲੱਭਤਾਂ ਸਾਬਤ ਕਰਦੀਆਂ ਹਨ ਕਿ ਭਾਰਤ ਨੇ ਲੋਹ ਯੁੱਗ ਵਿੱਚ ਪਹਿਲਾਂ ਪ੍ਰਗਤੀ ਕੀਤੀ।

# ਫਾਜ਼ਿਲਕਾ ਦੇ ਬਜ਼ਾਰਾਂ 'ਚ ਰੋਸ ਪ੍ਰਦਰਸ਼ਨ ਕਰਕੇ ਐੱਸ ਐੱਸ ਪੀ ਦਾ ਫੂਕਿਆ ਪੁਤਲਾ

## ਇਨਸਾਫ਼ ਨਾ ਮਿਲਣ 'ਤੇ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ : ਗੋਲਡਨ, ਢੰਡੀਆਂ

**ਫਾਜ਼ਿਲਕਾ (ਪਰਮਜੀਤ ਢਾਬਾਂ)**



ਭਾਰਤੀ ਕਮਿਊਨਿਸਟ ਪਾਰਟੀ (ਸੀ ਪੀ ਆਈ) ਅਤੇ ਹੋਰ ਜਨਤਕ ਜਥੇਬੰਦੀਆਂ ਵੱਲੋਂ ਰੋਸ ਪ੍ਰਦਰਸ਼ਨ ਕਰਦੇ ਹੋਏ ਐੱਸ ਐੱਸ ਪੀ ਫਾਜ਼ਿਲਕਾ ਦਾ ਪੁਤਲਾ ਫੂਕਿਆ ਗਿਆ। ਰੋਸ ਮਾਰਚ ਸਥਾਨਕ ਪ੍ਰਤਾਪ ਬਾਗ ਤੋਂ ਸ਼ੁਰੂ ਹੁੰਦਾ ਹੋਇਆ ਬਾਜ਼ਾਰਾਂ ਵਿੱਚੋਂ ਹੁੰਦੇ ਹੋਇਆ ਐੱਸ ਐੱਸ ਪੀ ਫਾਜ਼ਿਲਕਾ ਦੇ ਦਫ਼ਤਰ ਸਾਹਮਣੇ ਪਹੁੰਚਿਆ। ਪ੍ਰਦਰਸ਼ਨਕਾਰੀਆਂ ਵੱਲੋਂ ਐੱਸ ਐੱਸ ਪੀ ਅਤੇ ਉਸ ਦੇ ਰੀਡਰ ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਰੋਸ ਪ੍ਰਦਰਸ਼ਨ ਦੀ ਅਗਵਾਈ ਸ਼ੁਬੇਗ ਝੰਗੜਭੈਣੀ, ਹਰਭਜਨ ਛੱਪੜੀ ਵਾਲਾ, ਨਰਿੰਦਰ ਢਾਬਾਂ, ਕੁਲਦੀਪ ਬਾਖੂਸ਼ਾਹ, ਪੈਨਸ਼ਨ ਯੂਨੀਅਨ ਦੇ ਡਵੀਜ਼ਨ ਸੈਕਟਰੀ ਵਸਾਵਾ ਰਾਮ, ਗੁਰਦਿਆਲ ਢਾਬਾਂ, ਕ੍ਰਿਸ਼ਨ ਧਰਮੂ ਵਾਲਾ, ਜੰਮੂ ਰਾਮ ਬਣਵਾਲਾ, ਇਸਤਰੀ ਸਭਾ ਦੀ ਆਗੂ ਸੁਸ਼ਮਾ ਗੋਲਡਨ ਤੇ ਸਤੀਸ਼ ਛੱਪੜੀਵਾਲਾ ਨੇ ਕੀਤੀ। ਇਸ ਦੌਰਾਨ ਐੱਸ ਐੱਸ ਪੀ ਫਾਜ਼ਿਲਕਾ ਦਾ ਪੁਤਲਾ ਫੂਕਿਆ ਗਿਆ।

ਸੈਂਕੜਿਆਂ ਦੀ ਗਿਣਤੀ ਵਿੱਚ ਪਹੁੰਚੇ ਵਰਕਰਾਂ ਨੂੰ ਸੰਬੋਧਨ ਕਰਦੇ ਹੋਏ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਹੰਸ ਰਾਜ ਗੋਲਡਨ ਅਤੇ ਕੁੱਲ ਹਿੰਦ ਕਿਸਾਨ ਸਭਾ ਦੇ ਸੂਬਾਈ ਆਗੂ ਸੁਰਿੰਦਰ ਢੰਡੀਆਂ ਨੇ ਕਿਹਾ ਕਿ ਉਹ ਲੰਮੇ ਸਮੇਂ ਤੋਂ ਐੱਸ ਐੱਸ ਪੀ ਦਫਤਰ ਦੇ ਗੇੜੇ ਮਾਰ ਕੇ ਥੱਕ ਗਏ ਹਨ। ਵਾਰ-ਵਾਰ ਐੱਸ ਐੱਸ ਪੀ ਵੱਲੋਂ ਲਾਰਾ-ਲੱਪਾ ਲਾ ਕੇ ਟਾਲ-ਮਟੋਲ ਕਰ ਦਿੱਤੀ ਜਾਂਦੀ ਰਹੀ ਹੈ। ਇਲਾਕੇ ਅੰਦਰ ਕਈ ਬੇਸਹਾਰਾ ਲੋਕਾਂ 'ਤੇ ਸੱਤਾ ਧਿਰ ਵੱਲੋਂ ਅੱਤਿਆਚਾਰ ਢਾਹਿਆ ਜਾ ਰਿਹਾ ਹੈ।ਜ਼ਿਲ੍ਹੇ ਦੇ ਲੋਕਾਂ 'ਤੇ ਹੋਏ ਅੱਤਿਆਚਾਰ ਦੀਆਂ ਤਸਵੀਰਾਂ ਅਤੇ ਵੀਡੀਓਜ਼

• ਬਾਕੀ ਸਫ਼ਾ 2 'ਤੇ

# ਟਰੰਪ ਦੀ ਪੁਤਿਨ ਨੂੰ ਚੇਤਾਵਨੀ, ਜੰਗ ਬੰਦ ਕਰੋ

**ਵਾਸ਼ਿੰਗਟਨ** : ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਆਪਣੇ ਰੂਸੀ ਹਮਰੁਤਬਾ ਵਲਾਦੀਮੀਰ ਪੁਤਿਨ ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਯੂਕਰੇਨ 'ਚ ਜੰਗ ਨੂੰ ਖਤਮ ਕਰਨ ਜਾਂ ਉੱਚ ਟੈਰਿਫ ਅਤੇ ਹੋਰ ਪਾਬੰਦੀਆਂ ਦਾ ਸਾਹਮਣਾ ਕਰਨ ਲਈ ਤਿਆਰ ਰਹਿਣ। ਟਰੰਪ ਨੇ ਬੁੱਧਵਾਰ ਸੋਸ਼ਲ ਮੀਡੀਆ ਪੋਸਟ 'ਚ ਰੂਸੀ ਰਾਸ਼ਟਰਪਤੀ ਪੁਤਿਨ ਦਾ ਨਾਂਅ ਲੈ ਕੇ ਕਿਹਾ ਕਿ ਉਸ ਦੇ ਨੇਤਾ ਨਾਲ ਹਮੇਸ਼ਾ ਚੰਗੇ ਰਿਸ਼ਤੇ ਰਹੇ ਹਨ, ਪਰ ਇਹ ਇਸ ਜੰਗ ਨੂੰ ਸੁਲਝਾਉਣ ਦਾ ਸਮਾਂ ਹੈ।



ਟਰੰਪ ਨੇ ਕਿਹਾ—ਮੈਂ ਰੂਸੀ ਲੋਕਾਂ ਨੂੰ ਪਿਆਰ ਕਰਦਾ ਹਾਂ ਅਤੇ ਰਾਸ਼ਟਰਪਤੀ ਪੁਤਿਨ ਨਾਲ ਹਮੇਸ਼ਾ ਬਹੁਤ ਵਧੀਆ ਰਿਸ਼ਤਾ ਰਿਹਾ ਹੈ। ਸਾਨੂੰ ਇਹ ਕਦੇ ਨਹੀਂ ਭੁੱਲਣਾ ਚਾਹੀਦਾ ਕਿ ਰੂਸ ਨੇ ਦੂਜੀ ਵਿਸ਼ਵ ਜੰਗ ਜਿੱਤਣ 'ਚ ਸਾਡੀ ਮਦਦ ਕੀਤੀ, ਇਸ ਪ੍ਰਕਿਰਿਆ 'ਚ ਲੱਗਭੱਗ 60,000,000 ਜਾਨਾਂ ਗੁਆ ਦਿੱਤੀਆਂ। ਇਸ ਦੇ ਨਾਲ ਹੀ ਟਰੰਪ ਨੇ ਇਹ ਚੇਤਾਵਨੀ ਵੀ ਦਿੱਤੀ ਕਿ ਜੇ ਜਲਦੀ ਹੀ ਜੰਗਬੰਦੀ ਦਾ ਸਮਝੌਤਾ ਨਹੀਂ ਹੁੰਦਾ, ਤਾਂ ਉਸ ਕੋਲ ਰੂਸ ਦੁਆਰਾ ਅਮਰੀਕਾ ਅਤੇ ਹੋਰ ਭਾਗੀਦਾਰ ਦੇਸ਼ਾਂ ਨੂੰ ਵੇਚੀ ਜਾ ਰਹੀ ਕਿਸੇ ਵੀ ਚੀਜ਼ 'ਤੇ ਟੈਰਿਫ, ਟੈਕਸ ਅਤੇ ਪਾਬੰਦੀਆਂ ਲਗਾਉਣ ਤੋਂ ਇਲਾਵਾ ਕੋਈ ਹੋਰ ਵਿਕਲਪ ਨਹੀਂ ਹੋਵੇਗਾ।

ਟਰੰਪ ਨੇ ਤਿੰਨ ਸਾਲਾਂ ਤੋਂ ਚੱਲ ਰਹੀ ਜੰਗ ਨੂੰ ਖਤਮ ਕਰਨ ਲਈ ਦੋਵਾਂ ਧਿਰਾਂ ਨੂੰ ਗੱਲਬਾਤ ਕਰਨ ਦੀ ਅਪੀਲ ਕੀਤੀ ਹੈ। ਜੰਗ 'ਚ ਦੋਵਾਂ ਧਿਰਾਂ ਨੂੰ ਭਾਰੀ ਨੁਕਸਾਨ ਹੋਇਆ ਹੈ। ਆਪਣੀ ਚੋਣ ਮੁਹਿੰਮ ਦੌਰਾਨ ਟਰੰਪ ਨੇ ਵਾਰ-ਵਾਰ ਕਿਹਾ ਕਿ ਜੇ ਉਹ ਰਾਸ਼ਟਰਪਤੀ ਚੁਣੇ ਜਾਂਦੇ ਹਨ ਤਾਂ ਉਹ ਰੂਸ ਅਤੇ ਯੂਕਰੇਨ ਵਿਚਾਲੇ ਜੰਗ ਨੂੰ ਇਕ ਦਿਨ ਵਿੱਚ ਸੁਲਝਾ ਸਕਦੇ ਹਨ।

## ਪਤਨੀ ਵੱਢ ਕੇ ਕੂਕਰ 'ਚ ਉਬਾਲੀ !

**ਰੰਗਰੇਡੀ** : ਤਿਲੰਗਾਨਾ ਦੇ ਰੰਗਰੇਡੀ ਜ਼ਿਲ੍ਹੇ ਦੇ ਮੀਰਪੇਟ ਥਾਣਾ ਖੇਤਰ ਵਿੱਚ ਵੈਂਕਟੇਸ਼ਵਰ ਕਲੋਨੀ 'ਚ ਇੱਕ ਵਿਅਕਤੀ ਨੇ ਕਥਿਤ ਤੌਰ 'ਤੇ ਆਪਣੀ ਪਤਨੀ ਦਾ ਕਤਲ ਕਰਕੇ ਉਸ ਦੇ ਸਰੀਰ ਦੇ ਕੁਝ ਅੰਗ ਕੂਕਰ 'ਚ ਉਬਾਲ ਦਿੱਤੇ। ਡੀ ਸੀ ਪੀ ਐਲ ਬੀ ਨਾਗਰ ਨੇ ਕਿਹਾ—ਪਤੀ ਨੇ ਦਾਅਵਾ ਕੀਤਾ ਹੈ ਕਿ ਉਸ ਨੇ ਹੀ ਆਪਣੀ ਪਤਨੀ ਨੂੰ ਚਾਕੂ ਨਾਲ ਮਾਰਿਆ, ਸਰੀਰ ਦੇ ਅੰਗ ਕੱਟੇ ਅਤੇ ਲਾਸ਼ ਨੂੰ ਝੀਲ 'ਚ ਸੁੱਟ ਦਿੱਤਾ। ਸਾਨੂੰ ਸੱਚਾਈ ਦਾ ਪਤਾ ਲਗਾਉਣਾ ਪਵੇਗਾ। ਲਾਗੁਡਾ ਦੀ ਮਾਧਵੀ ਨਾਂਅ ਦੀ ਔਰਤ ਦੇ 16 ਜਨਵਰੀ ਨੂੰ ਲਾਪਤਾ ਹੋਣ ਦੀ ਸ਼ਿਕਾਇਤ ਉਸ ਦੀ ਮਾਂ ਸੁਬੰਮਾ ਨੇ 17 ਜਨਵਰੀ ਨੂੰ ਦਰਜ ਕਰਵਾਈ ਸੀ। ਉਸ ਨੇ ਕਿਹਾ ਕਿ ਉਸ ਦੀ ਧੀ ਦਾ ਵਿਆਹ ਤੇਰਾਂ ਸਾਲ ਪਹਿਲਾਂ ਗੁਰੂਮੂਰਤੀ, ਜੋ ਹੁਣ ਰਿਟਾਇਰਡ ਫੌਜੀ ਹੈ, ਨਾਲ ਹੋਇਆ ਸੀ। ਗੁਰੂਮੂਰਤੀ ਇਸ ਵੇਲੇ ਕੰਚਨਬਾਗ 'ਚ ਸੁਰੱਖਿਆ ਗਾਰਡ ਵਜੋਂ ਕੰਮ ਕਰਦਾ ਹੈ। ਪਿਛਲੇ ਪੰਜ ਸਾਲਾਂ ਤੋਂ ਪਤਨੀ-ਪਤੀ ਆਪਣੇ ਦੋ ਬੱਚਿਆਂ ਨਾਲ ਵੈਂਕਟੇਸ਼ਵਰ ਕਲੋਨੀ 'ਚ ਰਹਿ ਰਹੇ ਸਨ। 16 ਜਨਵਰੀ ਨੂੰ ਪਤੀ-ਪਤਨੀ ਵਿਚਾਲੇ ਬਹਿਸ ਹੋਈ ਸੀ।

## ਰਾਵਤ ਦਾ ਨਾਂਅ ਗਾਇਬ



**ਚੰਡੀਗੜ੍ਹ** : ਉੱਤਰਾਖੰਡ ਵਿੱਚ ਵੀਰਵਾਰ ਲੋਕਲ ਬਾਡੀਜ਼ ਚੋਣਾਂ ਦੌਰਾਨ ਸਾਬਕਾ ਮੁੱਖ ਮੰਤਰੀ ਹਰੀਸ਼ ਰਾਵਤ ਦਾ ਨਾਂਅ ਵੋਟਰ ਸੂਚੀ ਵਿੱਚੋਂ ਗਾਇਬ ਮਿਲਿਆ। ਉਹ ਉਸ ਪੋਲਿੰਗ ਸਟੇਸ਼ਨ ਦੀ ਵੋਟਰ ਸੂਚੀ ਵਿੱਚ ਨਾਂਅ ਲੱਭ ਰਹੇ ਸਨ, ਜਿੱਥੇ ਲੋਕ ਸਭਾ ਚੋਣਾਂ 'ਚ ਵੋਟ ਪਾਈ ਸੀ। 11 ਨਗਰ ਨਿਗਮਾਂ, 43 ਨਗਰ ਕੌਂਸਲਾਂ ਅਤੇ 46 ਨਗਰ ਪੰਚਾਇਤਾਂ ਲਈ ਵੋਟਾਂ ਪਈਆਂ। ਵੋਟਾਂ ਦੀ ਗਿਣਤੀ 25 ਜਨਵਰੀ ਨੂੰ ਕੀਤੀ ਜਾਵੇਗੀ।

## ਸ਼ੇਅਰ ਬਜ਼ਾਰ 'ਚ ਮਾਮੂਲੀ ਬੜ੍ਹਤ

**ਮੁੰਬਈ** : ਦਿਨ ਭਰ ਦੇ ਉਤਰਾਅ-ਚੜ੍ਹਾਅ ਦੇ ਬਾਅਦ ਵੀਰਵਾਰ ਸ਼ੇਅਰ ਬਾਜ਼ਾਰ ਮਾਮੂਲੀ ਵਾਧੇ ਨਾਲ ਬੰਦ ਹੋਇਆ। ਸੈਂਸੇਕਸ 156.70 ਅੰਕ ਵਧ ਕੇ 76,561.69 'ਤੇ, ਜਦੋਂ ਕਿ ਨਿਫਟੀ 60.90 ਅੰਕ ਵਧ ਕੇ 23, 216.25 'ਤੇ ਬੰਦ ਹੋਇਆ। ਦਿਨ ਦੀ ਸ਼ੁਰੂਆਤ ਨਾਕਾਰਾਤਮਕ ਨੋਟ 'ਤੇ ਕਰਨ ਵਾਲੇ ਸੂਚਕ ਵਪਾਰਕ ਸੈਸ਼ਨ ਦੇ ਅੰਤ ਉੱਤੇ ਜਾਣ 'ਚ ਕਾਮਯਾਬ ਰਹੇ।

# ਸ਼੍ਰੋਮਣੀ ਕਮੇਟੀ ਦੀਆਂ ਬੋਗਸ ਵੋਟਾਂ ਦੀ ਚੀਫ ਕਮਿਸ਼ਨਰ ਕੋਲ ਸ਼ਿਕਾਇਤ

**ਚੰਡੀਗੜ੍ਹ** : ਸ਼੍ਰੋਮਣੀ ਅਕਾਲੀ ਦਲ ਦੇ ਵਫਦ ਨੇ ਵੀਰਵਾਰ ਗੁਰਦੁਆਰਾ ਚੋਣ ਕਮਿਸ਼ਨ ਦੇ ਚੀਫ ਕਮਿਸ਼ਨਰ ਨੂੰ ਮਿਲ ਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਆਮ ਚੋਣਾਂ ਲਈ ਦੀਆਂ 'ਬੋਗਸ ਵੋਟਾਂ' ਦਰਜ ਕਰਨ ਦੇ ਦੋਸ਼ ਲਾਏ ਹਨ। ਗੁਰਦੁਆਰਾ ਚੋਣ ਕਮਿਸ਼ਨ ਨੇ ਅਜੇ ਚੋਣਾਂ ਲਈ ਪ੍ਰੋਗਰਾਮ ਦਾ ਐਲਾਨ ਕਰਨਾ ਹੈ।

ਦਲ ਦੇ ਕਾਰਜਕਾਰੀ ਪ੍ਰਧਾਨ ਬਲਵਿੰਦਰ ਸਿੰਘ ਭੂੰਦੜ, ਸਾਬਕਾ ਪ੍ਰਧਾਨ ਸੁਖਬੀਰ ਸਿੰਘ ਬਾਦਲ, ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਅਤੇ ਪਾਰਟੀ ਦੇ ਸੀਨੀਅਰ ਆਗੂ ਦਲਜੀਤ ਸਿੰਘ ਚੀਮਾ ਸਮੇਤ ਵਫਦ ਨੇ ਚੀਫ ਕਮਿਸ਼ਨਰ ਜਸਟਿਸ (ਸੇਵਾਮੁਕਤ) ਸੁਰਿੰਦਰ ਸਿੰਘ ਸਾਰੋਂ ਨਾਲ ਮੁਲਾਕਾਤ ਕੀਤੀ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੀਮਾ ਨੇ ਦੋਸ਼ ਲਾਇਆ ਕਿ ਸ਼੍ਰੋਮਣੀ ਕਮੇਟੀ ਚੋਣਾਂ ਲਈ ਹਜ਼ਾਰਾਂ ਜਾਅਲੀ ਵੋਟਾਂ ਦੀ ਰਜਿਸਟ੍ਰੇਸ਼ਨ ਹੋਈ ਹੈ। ਵੋਟਰ ਸੂਚੀਆਂ 'ਚ 'ਸਿੰਘ' ਅਤੇ 'ਕੌਰ' ਪਿਛੇਤਰ ਤੋਂ ਬਿਨਾਂ ਵੱਡੀ ਗਿਣਤੀ 'ਚ ਵੋਟਾਂ ਸ਼ਾਮਲ ਕੀਤੀਆਂ ਗਈਆਂ ਹਨ। ਉਨ੍ਹਾ ਕਿਹਾ—ਅਸੀਂ ਵੋਟਰ ਸੂਚੀਆਂ ਮੁਹੱਈਆ ਕਰਵਾਈਆਂ ਹਨ, ਜਿੱਥੇ ਨਾਵਾਂ ਤੋਂ ਬਾਅਦ 'ਸਿੰਘ' ਅਤੇ 'ਕੌਰ' ਗਾਇਬ ਸਨ। ਅਸਲ ਵੋਟਾਂ ਦੀਆਂ ਸੂਚੀਆਂ ਵੀ ਗਾਇਬ ਹੋਣ ਦੀ ਸ਼ਿਕਾਇਤ ਮਿਲੀ ਹੈ। ਵਫਦ ਨੇ ਵੋਟਰ ਸੂਚੀਆਂ ਦੀ ਡੂੰਘਾਈ ਨਾਲ ਪੜਤਾਲ ਕਰਨ ਦੀ ਮੰਗ ਕੀਤੀ ਹੈ।

# ਭਾਜਪਾ ਆਗੂ ਨੂੰ ਸੈਫ਼ 'ਤੇ ਹੋਏ ਹਮਲੇ ਬਾਰੇ ਸ਼ੱਕ

**ਮੁੰਬਈ** : ਮਹਾਰਾਸ਼ਟਰ ਦੇ ਬੰਦਰਗਾਹਾਂ ਤੇ ਮੱਛੀ ਪਾਲਣ ਮੰਤਰੀ ਅਤੇ ਭਾਜਪਾ ਨੇਤਾ ਨਿਤੇਸ਼ ਰਾਣੇ ਨੇ ਸੈਫ਼ ਅਲੀ ਖਾਨ 'ਤੇ ਹੋਏ ਹਮਲੇ 'ਤੇ ਗੰਭੀਰ ਸ਼ੰਕੇ ਖੜ੍ਹੇ ਕਰਦੇ ਹੋਏ ਕਿਹਾ—ਕੀ ਉਨ੍ਹਾ 'ਤੇ ਸੱਚਮੁੱਚ ਚਾਕੂ ਨਾਲ ਵਾਰ ਕੀਤਾ ਗਿਆ ਸੀ ਜਾਂ ਇਹ ਸਿਰਫ ਇਕ ਹਰਕਤ ਸੀ। ਰਾਣੇ ਨੇ ਸੈਫ਼ ਦੀ ਵੀ ਆਲੋਚਨਾ ਕੀਤੀ ਅਤੇ ਉਸ ਲਈ 'ਕਚਰਾ' ਸ਼ਬਦ ਦੀ ਵਰਤੋਂ ਕੀਤੀ।

ਰਾਣੇ ਨੇ ਕਿਹਾ—ਦੇਖੋ, ਬੰਗਲਾਦੇਸ਼ੀ ਮੁੰਬਈ 'ਚ ਸੈਫ਼ ਅਲੀ ਖਾਨ ਦੇ ਘਰ 'ਚ ਦਾਖਲ ਹੋਏ ਹਨ। ਪਹਿਲਾਂ ਇਹ ਲੋਕ ਸੜਕਾਂ ਦੇ ਚੌਰਾਹਿਆਂ 'ਤੇ ਖੜ੍ਹੇ ਰਹਿੰਦੇ ਸਨ, ਹੁਣ ਉਹ ਘਰਾਂ 'ਚ ਵੜਨ ਲੱਗ ਪਏ ਹਨ ਤੇ ਸ਼ਾਇਦ ਉਹ ਉਸ ਨੂੰ ਖੋਹਣ ਆਏ ਹਨ। ਇਹ ਚੰਗੀ ਗੱਲ ਹੈ ਕਿ ਕਚਰਾ ਚੁੱਕਿਆ ਜਾਣਾ ਚਾਹੀਦਾ ਹੈ, ਜਦੋਂ ਉਹ ਹਸਪਤਾਲ ਤੋਂ ਬਾਹਰ ਆਇਆ ਤਾਂ ਮੈਂ ਵੀ ਦੇਖਿਆ ਅਤੇ ਮੈਨੂੰ ਸ਼ੱਕ ਹੋਇਆ ਕਿ ਕੀ ਉਸ ਨੂੰ ਸੱਚਮੁੱਚ ਚਾਕੂ ਮਾਰਿਆ ਗਿਆ ਸੀ ਜਾਂ ਨਹੀਂ। ਜਿਸ ਤਰੀਕੇ ਨਾਲ ਉਹ ਤੁਰਦਾ ਹੋਇਆ ਬਾਹਰ ਆਇਆ, ਅਜਿਹਾ ਲੱਗਦਾ ਹੈ, ਜਿਵੇਂ ਉਹ ਅਭਿਨੈ ਕਰ ਰਿਹਾ ਸੀ ਅਤੇ ਨੱਚ ਰਿਹਾ ਸੀ, ਇਹ ਸਭ ਸ਼ੱਕੀ ਜਾਪਦਾ ਹੈ। ਪਰ ਇੱਕ ਗੱਲ ਹੈ, ਜਦੋਂ ਵੀ ਸ਼ਾਹਰੁਖ ਖਾਨ ਜਾਂ ਸੈਫ਼ ਅਲੀ ਖਾਨ ਵਰਗਾ ਕੋਈ ਖਾਨ ਦੁਖੀ ਹੁੰਦਾ ਹੈ, ਤਾਂ ਲੋਕ ਤੁਰੰਤ ਬੋਲਣਾ ਸ਼ੁਰੂ ਕਰ ਦਿੰਦੇ ਹਨ ਅਤੇ ਜਦੋਂ ਕਿਸੇ ਹਿੰਦੂ ਅਦਾਕਾਰ ਨੂੰ ਤਸੀਹੇ ਦਿੱਤੇ ਜਾਂਦੇ ਹਨ, ਤਾਂ ਕੋਈ ਕੁਝ ਕਹਿਣ ਲਈ ਅੱਗੇ ਨਹੀਂ ਆਉਂਦਾ।


ਇਸ ਤੋਂ ਪਹਿਲਾਂ ਹਮਲੇ ਦੇ ਬਾਵਜੂਦ ਅਭਿਨੇਤਾ ਦੀ ਫਿਟਨੈੱਸ ਦਾ ਜ਼ਿਕਰ ਕਰਦੇ ਹੋਏ ਸ਼ਿਵ ਸੈਨਾ ਆਗੂ ਨਿਰੁਪਮ ਨੇ ਕਿਹਾ—ਡਾਕਟਰਾਂ ਨੇ ਕਿਹਾ ਕਿ ਚਾਕੂ ਸੈਫ਼ ਅਲੀ ਖਾਨ ਦੀ ਪਿੱਠ ਦੇ ਅੰਦਰ 2.5 ਇੰਚ ਤੱਕ ਗਿਆ ਸੀ। ਸੰਭਵ ਤੌਰ 'ਤੇ ਉਹ ਅੰਦਰ ਫਸ ਗਿਆ ਸੀ, ਲਗਾਤਾਰ ਛੇ ਘੰਟੇ ਤੱਕ ਆਪਰੇਸ਼ਨ ਚੱਲਿਆ। ਇਹ ਸਭ ਕੁਝ 16 ਜਨਵਰੀ ਨੂੰ ਹੋਇਆ। ਅੱਜ 21 ਜਨਵਰੀ ਹੈ, ਤਾਂ ਕੀ ਤੁਸੀਂ 5 ਦਿਨਾਂ 'ਚ ਹਸਪਤਾਲ ਤੋਂ ਬਾਹਰ ਆ ਗਏ ਹੋ ?

# ਕਪਿਲ ਸ਼ਰਮਾ, ਰਾਜਪਾਲ ਤੇ ਸੁਗੰਧਾ ਮਿਸ਼ਰਾ ਨੂੰ ਧਮਕੀ

**ਮੁੰਬਈ** : ਮਸ਼ਹੂਰ ਕਾਮੇਡੀਅਨ ਕਪਿਲ ਸ਼ਰਮਾ ਅਤੇ ਅਦਾਕਾਰ ਰਾਜਪਾਲ ਯਾਦਵ ਨੂੰ ਪਿਛਲੇ ਮਹੀਨੇ ਜਾਨੋਂ ਮਾਰਨ ਦੀ ਧਮਕੀ ਮਿਲੀ। ਇਕ ਧਮਕੀ ਭਰਿਆ ਸੰਦੇਸ਼ ਰਾਜਪਾਲ ਯਾਦਵ ਦੇ ਈਮੇਲ ਖਾਤੇ 'ਤੇ ਵਿਸ਼ਨੂੰ ਨਾਂਅ ਦੇ ਵਿਅਕਤੀ ਨੇ ਭੇਜ ਕੇ ਚੇਤਾਵਨੀ ਦਿੱਤੀ ਕਿ ਸ਼ਰਮਾ, ਉਸ ਦੇ ਪਰਵਾਰ, ਉਸ ਦੇ ਸਾਥੀਆਂ ਅਤੇ ਰਾਜਪਾਲ ਯਾਦਵ ਨੂੰ ਮਾਰ ਦਿੱਤਾ ਜਾਵੇਗਾ। 14 ਦਸੰਬਰ, 2024 ਨੂੰ ਭੇਜੀ ਗਈ ਈਮੇਲ ਸੰਬੰਧੀ ਯਾਦਵ ਦੀ ਪਤਨੀ ਰਾਧਾ ਰਾਜਪਾਲ ਯਾਦਵ ਨੇ ਮੁੰਬਈ ਦੇ ਅੰਬੋਲੀ ਥਾਣੇ 'ਚ ਸ਼ਿਕਾਇਤ ਦਰਜ ਕਰਵਾਈ। ਰੈਮੋ ਡਿਸੂਜ਼ਾ ਅਤੇ ਸੁਗੰਧਾ ਮਿਸਰਾ ਨੂੰ ਵੀ ਮਿਲੀ ਧਮਕੀ। ਫਿਲਮ ਨਿਰਦੇਸ਼ਕ ਰੈਮੋ ਡਿਸੂਜ਼ਾ ਅਤੇ ਅਦਾਕਾਰਾ ਤੇ ਗਾਇਕਾ ਸੁਗੰਧਾ ਮਿਸ਼ਰਾ ਨੂੰ ਵੀ ਅਜਿਹੀ ਹੀ ਧਮਕੀ ਭਰੀ ਈਮੇਲ ਮਿਲੀ ਹੈ। ਇਹ ਦੋਨੋਂ ਵੀ ਪੁਲਸ ਕੋਲ ਸ਼ਿਕਾਇਤ ਦਰਜ ਕਰਵਾ ਚੁੱਕੇ ਹਨ। ਪੁਲਸ ਦੀ ਮੁਢਲੀ ਜਾਂਚ 'ਚ ਖੁਲਾਸਾ ਹੋਇਆ ਹੈ ਕਿ ਇਹ ਈਮੇਲ ਪਾਕਿਸਤਾਨ ਤੋਂ ਭੇਜੀ ਗਈ ਹੈ। ਈਮੇਲ 'ਚ ਲਿਖਿਆ ਗਿਆ ਹੈ—ਅਸੀਂ ਤੁਹਾਡੀਆਂ ਹਾਲੀਆ ਸਰਗਰਮੀਆਂ 'ਤੇ ਨਜ਼ਰ ਰੱਖ ਰਹੇ ਹਾਂ ਅਤੇ ਤੁਹਾਨੂੰ ਇਹ ਸੰਵੇਦਨਸ਼ੀਲ ਮੁੱਦਾ ਗੰਭੀਰਤਾ ਨਾਲ ਲੈਣ ਦੀ ਸਲਾਹ ਦਿੰਦੇ ਹਾਂ। ਇਹ ਨਾ ਤਾਂ ਪਬਲੀਸਿਟੀ ਸਟੰਟ ਹੈ ਅਤੇ ਨਾ ਹੀ ਤੁਹਾਨੂੰ ਪਰੇਸ਼ਾਨ ਕਰਨ ਦੀ ਕੋਸ਼ਿਸ਼। ਕਿਰਪਾ ਕਰਕੇ ਇਸ ਸੰਦੇਸ਼ ਨੂੰ ਗੁਪਤ ਰੱਖੋ ਅਤੇ ਗੰਭੀਰਤਾ ਨਾਲ ਲਵੋ।

# ਲਾਪਤਾ ਨੌਜਵਾਨ ਦੀ ਲਾਸ਼ ਪੰਚਣੀ ਦੇ ਘਰੋਂ ਮਿਲੀ

**ਰਾਏਕੋਟ** : ਪਿੰਡ ਲੋਹਟਬੱਦੀ 'ਚ ਦੋ ਦਿਨਾਂ ਤੋਂ ਲਾਪਤਾ 38 ਸਾਲਾ ਇਕਬਾਲਜੀਤ ਸਿੰਘ ਮੋਨਾ ਦੀ ਲਾਸ਼ ਪਿੰਡ ਦੀ ਪੰਚ ਗੁਰਪ੍ਰੀਤ ਕੌਰ ਦੇ ਘਰੋਂ ਮਿਲਣ 'ਤੇ ਥਾਣਾ ਸਦਰ ਰਾਏਕੋਟ ਸਦਰ ਪੁਲਸ ਨੇ ਸਾਜ਼ਿਸ਼ ਤਹਿਤ ਗ਼ੈਰ-ਇਰਾਦਤਨ ਹੱਤਿਆ ਦਾ ਕੇਸ ਦਰਜ ਕੀਤਾ ਹੈ। 21-22 ਜਨਵਰੀ ਦੀ ਦਰਮਿਆਨੀ ਰਾਤ ਮੋਨਾ ਨੇ ਦੋਸਤ ਕੁਲਵਿੰਦਰ ਸਿੰਘ ਉਰਫ ਸੰਨੀ ਵਾਸੀ ਲੋਹਟਬੱਦੀ ਦੇ ਘਰ ਬੈਠ ਕੇ ਉਧਮ ਸਿੰਘ ਵਾਸੀ ਬੜੂੰਦੀ ਨਾਲ ਇਕੱਠਿਆਂ ਸ਼ਰਾਬ ਪੀਤੀ ਸੀ। ਇਸੇ ਦੌਰਾਨ ਨਸ਼ੇ ਦੀ ਹਾਲਤ 'ਚ ਉਸ ਦੀ ਮੌਤ ਹੋ ਗਈ।



ਐੱਸ ਐੱਚ ਓ ਕੁਲਵਿੰਦਰ ਸਿੰਘ ਅਨੁਸਾਰ ਸੰਨੀ, ਉਧਮ ਸਿੰਘ ਅਤੇ ਪੰਚ ਗੁਰਪ੍ਰੀਤ ਕੌਰ ਵਿਰੁੱਧ ਕੇਸ ਦਰਜ ਕਰਕੇ ਕਾਨੂੰਨੀ ਕਾਰਵਾਈ ਸ਼ੁਰੂ ਦਿੱਤੀ ਹੈ। ਉਨ੍ਹਾ ਕਿਹਾ ਕਿ ਸੰਨੀ, ਉਧਮ ਸਿੰਘ ਅਤੇ ਸੰਨੀ ਦੀ ਮਾਂ ਤੇ ਪਿੰਡ ਦੀ ਪੰਚ ਗੁਰਪ੍ਰੀਤ ਕੌਰ ਨੇ ਮੋਨਾ ਦੀ ਮੌਤ ਬਾਰੇ ਕਿਸੇ ਨੂੰ ਕੋਈ ਜਾਣਕਾਰੀ ਨਹੀਂ ਦਿੱਤੀ। ਪੰਚਣੀ ਮ੍ਰਿਤਕ ਦੇ ਪਰਵਾਰਕ ਮੈਂਬਰਾਂ ਅਤੇ ਪਿੰਡ ਦੀ ਪੰਚਾਇਤ ਦੇ ਨਾਲ ਮੋਨਾ ਦੀ ਭਾਲ ਵੀ ਕਰਦੀ ਰਹੀ। ਬੁੱਧਵਾਰ ਰਾਤ ਪੁਲਸ ਨੇ ਪਿੰਡ ਦੀ ਪੰਚਾਇਤ ਦੀ ਮੌਜੂਦਗੀ 'ਚ ਲਾਸ਼ ਪੰਚਣੀ ਦੇ ਘਰੋਂ ਬਰਾਮਦ ਕਰ ਕੇ ਪੋਸਟਮਾਰਟਮ ਲਈ ਸਿਵਲ ਹਸਪਤਾਲ ਜਗਰਾਓਂ ਭੇਜ ਦਿੱਤੀ।

# ਟਰੈਕਟਰ ਮਾਰਚ ਦੇ ਰੂਟ ਤੈਅ

**ਸ਼ਾਹਕੋਟ/ਮੋਗਾ (ਗਿਆਨ ਸੈਦਪੁਰੀ/ਇਕਬਾਲ ਸਿੰਘ ਖਹਿਰਾ)**

ਕੁਲ ਹਿੰਦ ਕਿਸਾਨ ਸਭਾ ਦੇ ਆਗੂ ਕਾਮਰੇਡ ਸੂਰਤ ਸਿੰਘ ਧਰਮਕੋਟ ਦੀ ਪ੍ਰਧਾਨਗੀ ਹੇਠ ਵੱਖ-ਵੱਖ ਕਿਸਾਨ ਜਥੇਬੰਦੀਆਂ ਦੀ ਭਰਵੀਂ ਮੀਟਿੰਗ ਮੋਗਾ ਵਿਖੇ ਹੋਈ। ਮੀਟਿੰਗ ਵਿੱਚ ਭਾਰਤੀ ਕਿਸਾਨ ਯੂਨੀਅਨ (ਲੱਖੋਵਾਲ), ਭਾਰਤੀ ਕਿਸਾਨ ਯੂਨੀਅਨ (ਕਾਦੀਆਂ), ਕਿਰਤੀ ਕਿਸਾਨ ਯੂਨੀਅਨ, ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ), ਬੀ ਕੇ ਯੂ (ਪੰਜਾਬ), ਬੀ ਕੇ ਯੂ (ਤੋਤੇਵਾਲ), ਕਰਾਂਤੀਕਾਰੀ ਕਿਸਾਨ ਯੂਨੀਅਨ (ਡਾ. ਦਰਸ਼ਨਪਾਲ), ਕੌਮੀ ਕਿਸਾਨ ਯੂਨੀਅਨ ਅਤੇ ਕੁਲ ਹਿੰਦ ਕਿਸਾਨ ਸਭਾ ਦੇ ਆਗੂ ਸ਼ਾਮਲ ਹੋਏ। ਮੀਟਿੰਗ ਵਿੱਚ 26 ਜਨਵਰੀ



ਨੂੰ ਕੀਤੇ ਜਾ ਰਹੇ ਟਰੈਕਟਰ ਮਾਰਚ ਸੰਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ। ਇਹ ਮਾਰਚ 12 ਵਜੇ ਤੋਂ 3 ਵਜੇ ਤੱਕ ਕੀਤਾ ਜਾਵੇਗਾ। ਪੂਰੇ ਮੋਗਾ ਜ਼ਿਲ੍ਹੇ ਦੇ ਰੂਟ ਨਿਸ਼ਚਿਤ ਕੀਤੇ ਗਏ। ਇਸ ਰੂਟ ਮੁਤਾਬਿਕ ਮੋਗਾ (ਇੱਕ) ਦੇ ਕਿਸਾਨ ਢੁੱਡੀਕੇ ਇਕੱਤਰ ਹੋ ਕੇ ਅਜੀਤਵਾਲ ਵੱਲ ਮਾਰਚ ਕਰਨਗੇ। ਮੋਗਾ (ਦੋ) ਦੇ ਕਿਸਾਨ ਪਿੰਡ ਘੱਲ ਕਲਾਂ ਨੇੜੇ ਉੱਚੇ ਪੁਲ 'ਤੇ ਇਕੱਠੇ ਹੋਣਗੇ ਤੇ ਬੁੱਘੀਪੁਰਾ ਚੌਕ ਤੱਕ ਮਾਰਚ ਕਰਨਗੇ। ਨਿਹਾਲ ਸਿੰਘ ਵਾਲਾ, ਜਵਾਹਰ ਸਿੰਘ ਵਾਲਾ ਦੇ ਕਿਸਾਨ ਪੱਤੋ ਚੌਕ ਵਿਚ ਇਕੱਠੇ ਹੋ ਕੇ ਮਧੇਕੇ ਵੱਲ ਪੈਟਰੋਲ ਪੰਪ ਤੱਕ ਮਾਰਚ ਕਰਨਗੇ। ਬਾਘਾ ਪੁਰਾਣਾ ਦੇ ਕਿਸਾਨ ਚੰਨੂੰ ਵਾਲਾ ਇਕੱਠੇ ਹੋ ਕੇ ਬਾਘਾ ਪੁਰਾਣਾ ਸ਼ਹਿਰ ਵਿੱਚ ਮਾਰਚ ਕਰਨਗੇ। ਧਰਮਕੋਟ ਖੇਤਰ ਦੇ ਕਿਸਾਨ ਅਨਾਜ ਮੰਡੀ ਧਰਮਕੋਟ ਵਿੱਚ ਇਕੱਤਰ ਹੋਣਗੇ। ਇੱਥੋਂ ਇਹ ਬਾਜ਼ਾਰਾਂ ਵਿੱਚ ਮਾਰਚ ਕਰਦੇ ਹੋਏ ਤਹਿਸੀਲ ਤੱਕ ਜਾਣਗੇ। ਇਨ੍ਹਾਂ ਮਾਰਚਾਂ ਵਿੱਚ ਇੱਕ ਹਜ਼ਾਰ ਤੋਂ ਵੱਧ ਟਰੈਕਟਰ ਸ਼ਾਮਲ ਹੋਣਗੇ।

## ਅੱਜ-ਨਾਮਾ

ਆਏ ਜਦ ਚੋਣ ਤਾਂ ਝੂਠ ਦੀ ਹੋਏ ਟੱਕਰ,
ਮਾਰਦੇ ਲੀਡਰ ਹਨ ਸਿਰੇ ਦੀ ਗੱਪ ਬੇਲੀ।
ਲਾਰੇ ਲਾਉਣ ਤਾਂ ਪਹੁੰਚਦੇ ਸਿਰੇ ਤੀਕਰ,
ਜਾਂਵਦਾ ਦੂਜੇ ਨੂੰ ਲੀਡਰ ਹਰ ਟੱਪ ਬੇਲੀ।
ਤਾਰੇ ਤੋੜਨ ਫਿਰ ਗੱਲੀਂ ਅਸਮਾਨ ਵਾਲੇ,
ਚਾਨਣ ਚੰਦ ਤੋਂ ਚੁੱਕਣ ਉਹ ਲੱਪ ਬੇਲੀ।
ਕੂੜਾ ਆਪਣੇ ਵਿਹੜੇ ਵਿੱਚ ਪਿਆ ਹੁੰਦਾ,
ਦੇਣਗੇ ਦੋਸ਼ ਫਿਰ ਦੂਜੇ ਸਿਰ ਥੱਪ ਬੇਲੀ।
ਜਿੰਨਾ ਚੜ੍ਹ ਕੇ ਕੋਈ ਸਿਰੇ ਦੀ ਗੱਪ ਮਾਰੇ,
ਲੋਕੀਂ ਆਗੂ ਉਹ ਕਹਿਣ ਹੈ ਖਾਸ ਬੇਲੀ।
ਜਿੱਥੇ ਸੱਤਾ ਲਈ ਏਦਾਂ ਦੇ ਲੜਨ ਲੀਡਰ,
ਕਾਹਦੀ ਰੱਖਣੀ ਕਿਤੋਂ ਕੋਈ ਆਸ ਬੇਲੀ।

-ਤੀਸ ਮਾਰ ਖਾਂ

# ਗੁਕੇਸ਼ ਦਾ ਇੱਕ ਹੋਰ ਹਾਸਲ, ਸ਼ਤਰੰਜ ਦੀ ਵਿਸ਼ਵ ਰੈਂਕਿੰਗ 'ਚ ਚੌਥੇ ਸਥਾਨ 'ਤੇ ਪੁੱਜਾ

**ਨਵੀਂ ਦਿੱਲੀ** : ਆਪਣੇ ਤੇਜ਼ ਉਭਾਰ ਨੂੰ ਜਾਰੀ ਰੱਖਦਿਆਂ ਵਿਸ਼ਵ ਸ਼ਤਰੰਜ ਚੈਂਪੀਅਨ ਡੀ ਗੁਕੇਸ਼ ਵੀਰਵਾਰ ਜਾਰੀ ਤਾਜ਼ਾ ਕੌਮਾਂਤਰੀ ਸ਼ਤਰੰਜ ਫੈਡਰੇਸ਼ਨ (ਫਿਡੇ) ਦੀ ਰੈਂਕਿੰਗ 'ਚ ਚੌਥਾ ਸਥਾਨ ਹਾਸਲ ਕਰ ਕੇ ਸਿਖਰਲੀ ਦਰਜਾਬੰਦੀ ਵਾਲਾ ਭਾਰਤੀ ਸ਼ਤਰੰਜ ਖਿਡਾਰੀ ਬਣ ਗਿਆ ਹੈ। ਉਸ ਨੇ ਇਸ ਦਰਜੇ ਤੋਂ ਹਮਵਤਨੀ ਅਰਜੁਨ ਏਰੀਗਾਇਸੀ ਨੂੰ ਪਛਾੜ ਦਿੱਤਾ ਹੈ। ਗੁਕੇਸ਼ (18 ਸਾਲ) ਨੇ ਇਹ ਪ੍ਰਾਪਤੀ ਉਦੋਂ ਹਾਸਲ ਕੀਤੀ ਜਦੋਂ ਉਸ ਨੇ ਜਿਕ ਆਨ ਜ਼ੀ (ਨੀਦਰਲੈਂਡਜ਼) 'ਚ ਟਾਟਾ ਸਟੀਲ ਟੂਰਨਾਮੈਂਟ ਦੌਰਾਨ ਜਰਮਨੀ ਦੇ ਵਿਨਸੈਂਟ ਕੀਮਰ ਨੂੰ ਹਰਾ ਕੇ ਆਪਣੀ ਦੂਜੀ ਜਿੱਤ ਦਰਜ ਕੀਤੀ। ਗੁਕੇਸ਼ ਨੂੰ ਹਾਲ ਹੀ 'ਚ ਧਿਆਨ ਚੰਦ ਖੇਲ ਰਤਨ ਨਾਲ ਸਨਮਾਨਤ ਕੀਤਾ ਗਿਆ ਸੀ।



ਉਸ ਨੇ 2784 ਰੇਟਿੰਗ ਅੰਕ ਜੋੜੇ ਹਨ, ਜਦੋਂਕਿ ਲੰਬੇ ਸਮੇਂ ਤੋਂ ਸਭ ਤੋਂ ਉੱਚਾ ਦਰਜਾ ਪ੍ਰਾਪਤ ਚਲਿਆ ਆ ਰਿਹਾ ਏਰੀਗਾਈਸੀ 2779.5 ਰੇਟਿੰਗ ਅੰਕਾਂ ਨਾਲ ਪੰਜਵੇਂ ਸਥਾਨ 'ਤੇ ਖਿਸਕ ਗਿਆ ਹੈ।

ਕੌਮਾਂਤਰੀ ਸ਼ਤਰੰਜ ਫੈਡਰੇਸ਼ਨ ਦਰਜਾਬੰਦੀ ਵਿੱਚ ਨਾਰਵੇ ਦਾ ਮੈਗਨਸ ਕਾਰਲਸਨ 2832.5 ਅੰਕਾਂ ਨਾਲ ਬਿਨਾਂ ਕਿਸੇ ਵਿਵਾਦ ਦੇ ਆਲਮੀ ਅੱਵਲ ਦਰਜਾ ਖਿਡਾਰੀ ਬਣਿਆ ਹੋਇਆ ਹੈ। ਉਸ ਤੋਂ ਬਾਅਦ ਦੂਜੇ ਨੰਬਰ ਉਤੇ 2802 ਅੰਕਾਂ ਨਾਲ ਅਮਰੀਕਾ ਦਾ ਗ੍ਰੈਂਡਮਾਸਟਰ ਹਿਕਾਰੂ ਨਾਕਾਮੁਰਾ ਹੈ, ਜਦੋਂਕਿ ਤੀਜੇ ਨੰਬਰ ਉਤੇ ਉਸੇ ਦਾ ਹਮਵਤਨੀ ਫੈਬੀਆਨੋ ਕਾਰੂਆਨਾ ਹੈ, ਜਿਸ ਦੇ 2798 ਅੰਕ ਹਨ।

ਗੁਕੇਸ਼ ਉਦੋਂ ਤੋਂ ਹੀ ਸ਼ਾਨਦਾਰ ਫਾਰਮ 'ਚ ਹੈ ਜਦੋਂ ਉਸ ਨੇ ਪਿਛਲੇ ਸਾਲ ਦਸੰਬਰ 'ਚ ਸਿੰਗਾਪੁਰ 'ਚ ਚੀਨ ਦੇ ਡਿੰਗ ਲਿਰੇਨ ਨੂੰ ਹਰਾ ਕੇ ਆਲਮੀ ਖ਼ਿਤਾਬ ਜਿੱਤਿਆ ਸੀ। ਇਸ ਤੋਂ ਬਾਅਦ ਉਸ ਨੇ ਵਤਨ ਵਾਪਸੀ 'ਤੇ ਸਮਾਗਮਾਂ ਅਤੇ ਤਿਉਹਾਰਾਂ 'ਚ ਸ਼ਾਮਲ ਹੋਣ ਲਈ ਖੇਡ ਤੋਂ ਕੁਝ ਦਿਨਾਂ ਦੀ ਛੁੱਟੀ ਲੈ ਲਈ ਸੀ ਅਤੇ ਇਸ ਕਾਰਨ ਨਿਊਯਾਰਕ 'ਚ ਵਿਸ਼ਵ ਰੈਪਿਡ ਅਤੇ ਬਲਿਟਜ਼ ਚੈਂਪੀਅਨਸ਼ਿਪ ਛੱਡ ਦਿੱਤੀ ਸੀ।

ਇਸ ਤੋਂ ਬਾਅਦ ਉਸ ਨੇ ਜਿਕ ਆਨ ਜ਼ੀ 'ਚ ਬੋਰਡ ਉਤੇ ਵਾਪਸੀ ਕਰਦਿਆਂ ਇੱਕ ਵੀ ਗੇਮ ਨਹੀਂ ਹਾਰੀ ਹੈ। ਟੂਰਨਾਮੈਂਟ 'ਚ ਉਸ ਦੀਆਂ ਹੁਣ ਤੱਕ ਦੋ ਜਿੱਤਾਂ ਅਤੇ ਤਿੰਨ ਡਰਾਅ ਹਨ। ਅੱਠ ਗੇੜ ਹਾਲੇ ਬਾਕੀ ਹਨ।

ਏਰੀਗਾਇਸੀ ਪਿਛਲੇ ਸਾਲ ਸਤੰਬਰ 'ਚ ਭਾਰਤ ਦਾ ਚੋਟੀ ਦਾ ਦਰਜਾ ਪ੍ਰਾਪਤ ਖਿਡਾਰੀ ਬਣਿਆ ਸੀ ਅਤੇ ਦਸੰਬਰ 'ਚ ਉਸ ਨੇ 2801 ਅੰਕਾਂ ਨਾਲ ਆਪਣੀ ਸਿਖਰਲੀ ਰੇਟਿੰਗ ਪ੍ਰਾਪਤ ਕੀਤੀ ਸੀ। ਇਸ ਰੈਂਕਿੰਗ ਨੇ ਉਸ ਨੂੰ ਇਤਿਹਾਸ 'ਚ 15ਵਾਂ ਸਭ ਤੋਂ ਉੱਚਾ ਦਰਜਾ ਪ੍ਰਾਪਤ ਖਿਡਾਰੀ ਬਣਾਇਆ ਸੀ ਅਤੇ ਪੰਜ ਵਾਰ ਦੇ ਵਿਸ਼ਵ ਚੈਂਪੀਅਨ ਵਿਸ਼ਵਨਾਥਨ ਆਨੰਦ ਤੋਂ ਬਾਅਦ 2800 ਦੀ ਉਚਾਈ ਨੂੰ ਪਾਰ ਕਰਨ ਵਾਲਾ ਉਹ ਦੂਜਾ ਭਾਰਤੀ ਬਣਿਆ ਸੀ।

# ਅਮਰੀਕਾ 'ਚ ਗੈਰਕਾਨੂੰਨੀ ਰਹਿੰਦੇ ਭਾਰਤੀਆਂ ਨੂੰ ਵਾਪਸ ਲੈਣ ਲਈ ਹਮੇਸ਼ਾ ਤਿਆਰ : ਜੈਸ਼ੰਕਰ

**ਵਾਸ਼ਿੰਗਟਨ** : ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਨੇ ਬੁੱਧਵਾਰ ਕਿਹਾ ਕਿ ਭਾਰਤ ਵੈਧ ਦਸਤਾਵੇਜ਼ਾਂ ਦੇ ਬਿਨਾਂ ਅਮਰੀਕਾ ਵਿੱਚ ਰਹਿ ਰਹੇ ਭਾਰਤੀਆਂ ਦੀ ਵੈਧ ਵਾਪਸੀ ਲਈ ਹਮੇਸ਼ਾ ਤਿਆਰ ਰਿਹਾ ਹੈ। ਭਾਰਤ ਅਜੇ ਵੀ ਅਮਰੀਕਾ ਤੋਂ ਉਨ੍ਹਾਂ ਲੋਕਾਂ ਦੀ ਪਛਾਣ ਕਰਨ ਦੀ ਪ੍ਰਕਿਰਿਆ 'ਚ ਹੈ, ਜਿਨ੍ਹਾਂ ਨੂੰ ਭਾਰਤ ਭੇਜਿਆ ਜਾ ਸਕਦਾ ਹੈ ਅਤੇ ਅਜੇ ਇਸ ਤਰ੍ਹਾਂ ਦੇ ਵਿਅਕਤੀਆਂ ਦੀ ਗਿਣਤੀ ਦਾ ਪਤਾ ਨਹੀਂ ਲੱਗ ਸਕਦਾ। ਜੈਸ਼ੰਕਰ ਨੇ ਇੱਥੇ ਭਾਰਤੀ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ—ਇੱਕ ਸਰਕਾਰ ਦੇ ਰੂਪ 'ਚ ਅਸੀਂ ਸਪੱਸ਼ਟ ਤੌਰ 'ਤੇ (ਲੋਕਾਂ ਦੀ) ਵੈਧ ਆਵਾਜਾਈ ਦੇ ਵੱਡੇ ਸਮਰਥਕ ਹਾਂ। ਅਸੀਂ ਚਾਹੁੰਦੇ ਹਾਂ ਕਿ ਭਾਰਤੀ ਪ੍ਰਤਿਭਾ ਅਤੇ ਭਾਰਤੀ ਹੁਨਰ ਨੂੰ ਵਿਸ਼ਵ ਪੱਧਰ 'ਤੇ ਜ਼ਿਆਦਾ ਮੌਕੇ ਮਿਲਣ। ਇਸ ਦੇ ਨਾਲ ਹੀ ਅਸੀਂ ਗੈਰ-ਕਾਨੂੰਨੀ



ਆਵਾਜਾਈ ਅਤੇ ਗੈਰ-ਕਾਨੂੰਨੀ ਪ੍ਰਵਾਸ ਦਾ ਵੀ ਦ੍ਰਿੜਤਾ ਨਾਲ ਵਿਰੋਧ ਕਰਦੇ ਹਾਂ। ਤੁਸੀਂ ਇਹ ਵੀ ਜਾਣਦੇ ਹੋ ਕਿ ਜਦੋਂ ਕੁਝ ਗੈਰ-ਕਾਨੂੰਨੀ ਹੁੰਦਾ ਹੈ, ਤਾਂ ਕਈ ਹੋਰ ਗੈਰ-ਕਾਨੂੰਨੀ ਗਤੀਵਿਧੀਆਂ ਵੀ ਉਸ ਨਾਲ ਜੁੜ ਜਾਂਦੀਆਂ ਹਨ, ਜੋ ਸਹੀ ਨਹੀਂ ਹੈ। ਅਸੀਂ ਹਮੇਸ਼ਾ ਇਹ ਕਿਹਾ ਹੈ ਕਿ ਜੇ ਸਾਡਾ ਕੋਈ ਨਾਗਰਿਕ ਗੈਰ-ਕਾਨੂੰਨੀ ਤੌਰ 'ਤੇ ਉਥੇ ਹੈ ਅਤੇ ਜੇ ਅਸੀਂ ਸੋਚਦੇ ਹਾਂ ਕਿ ਉਹ ਸਾਡੇ ਨਾਗਰਿਕ ਹਨ, ਤਾਂ ਅਸੀਂ ਹਮੇਸ਼ਾ ਉਨ੍ਹਾਂ ਦੀ ਵੈਧ ਭਾਰਤ ਵਾਪਸੀ ਲਈ ਤਿਆਰ ਰਹਾਂਗੇ। ਮੈਂ ਇਸ ਬਾਰੇ ਵਿਦੇਸ਼ ਮੰਤਰੀ ਮਾਰਕੋ ਰੂਬਿਓ ਨਾਲ ਗੱਲ ਕੀਤੀ ਹੈ ਅਤੇ ਮੈਂ ਅੰਕੜੇ ਵੇਖੇ ਹਨ, ਸਾਡੇ ਲਈ ਇਹ ਸਿਰਫ ਅੰਕੜਾ ਨਹੀਂ ਹੈ। ਇਹ ਉਦੋਂ ਹੀ ਪ੍ਰਭਾਵਸ਼ਾਲੀ ਹੋਵੇਗਾ ਜਦੋਂ ਅਸੀਂ ਅਸਲ 'ਚ ਇਸ ਤੱਥ ਦੀ ਪੜਤਾਲ ਕਰ ਸਕਾਂਗੇ ਕਿ ਸੰਬੰਧਤ ਵਿਅਕਤੀ ਭਾਰਤੀ ਮੂਲ ਦਾ ਹੀ ਹੈ।

24-Jan-PAGE-3-Majha-2025-B.qxd 1/23/2025 10:45 PM Page 1



## ਪੱਛੜੀਆਂ ਸ਼੍ਰੇਣੀਆਂ ਤੇ ਘੱਟ ਗਿਣਤੀ ਵਰਗ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਵੱਡੇ ਉਪਰਾਲੇ : ਕਲਸੀ



**ਗੁਰਦਾਸਪੁਰ (ਜਨਕ ਮਹਾਜਨ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਲਈ ਵੱਡੇ ਉਪਰਾਲੇ ਕੀਤੇ ਜਾ ਰਹੇ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਬਟਾਲਾ ਦੇ ਵਿਧਾਇਕ ਅਤੇ ਆਮ ਆਦਮੀ ਪਾਰਟੀ ਦੇ ਸੂਬਾ ਕਾਰਜਕਾਰੀ ਪ੍ਰਧਾਨ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਦਾ ਵਿੱਦਿਅਕ, ਸਮਾਜਿਕ ਅਤੇ ਆਰਥਿਕ ਪੱਧਰ ਉਚਾ ਚੁੱਕਣ ਲਈ ਵੱਖ-ਵੱਖ ਸਕੀਮਾਂ ਲਾਗੂ ਕੀਤੀਆਂ।ਉਨ੍ਹਾਂ ਦੱਸਿਆ ਕਿ ਪੋਸਟ ਮੈਟ੍ਰਿਕ ਸਕਾਲਰਸ਼ਿਪ ਫ਼ਾਰ ਐੱਸਸੀ. ਸਟੂਡੈਂਟਸ ਸਕੀਮ ਤਹਿਤ ਸਾਲ 2024-25 ਲਈ ਵਿਦਿਆਰਥੀਆਂ ਦੇ ਵਜ਼ੀਫ਼ੇ ਲਈ 245.00 ਕਰੋੜ ਰੁਪਏ ਦੀ ਰਾਸ਼ੀ ਰਾਖਵੀਂ ਰੱਖੀ ਗਈ ਸੀ।ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਸਾਲ 2017-18 ਤੋਂ 2019-20 ਦੀ ਬਕਾਇਆ ਫ਼ੀਸ ਲਈ 40 ਫ਼ੀਸਦੀ ਦੀ ਅਦਾਇਗੀ ਸਾਲ 2024-25 ਦੇ ਬਜਟ ਉਪਬੰਧ ਵਿੱਚੋਂ 92.00 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।ਇਹ ਰਾਸ਼ੀ ਸਰਕਾਰੀ ਸੰਸਥਾਵਾਂ ਅਤੇ ਪੰਜਾਬ ਰਾਜ ਦੇ ਵਿਦਿਆਰਥੀ ਜੋ ਕਿ ਹੋਰ ਰਾਜਾਂ ਦੀਆਂ ਸੰਸਥਾਵਾਂ ਵਿੱਚ ਪੜ੍ਹਾਈ ਕਰ ਰਹੇ ਹਨ, ਨੂੰ ਅਦਾਇਗੀ ਲਈ ਜਾਰੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਸਾਲ 2024-25 ਅਧੀਨ ਸਕਾਲਰਸ਼ਿਪ ਸਕੀਮ ਅਧੀਨ 2 ਲੱਖ 60 ਹਜ਼ਾਰ ਵਿਦਿਆਰਥੀਆਂ ਦਾ ਟੀਚਾ ਰੱਖਿਆ ਗਿਆ ਹੈ, ਜਦਕਿ ਪੋਰਟਲ ਤੇ 2 ਲੱਖ 38 ਹਜ਼ਾਰ ਦੇ ਕਰੀਬ ਵਿਦਿਆਰਥੀ ਇਸ ਸਕੀਮ ਅਧੀਨ ਨਵੇਂ ਰਜਿਸਟਰਡ ਹੋਏ ਹਨ।ਵਿਧਾਇਕ ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ ਅਨੁਸੂਚਿਤ ਜਾਤੀਆਂ ਦੇ 29411 ਲਾਭਪਾਤਰੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ 15672 ਲਾਭਪਾਤਰੀਆਂ ਕੁੱਲ 45083 ਲਾਭਪਾਤਰੀਆਂ ਨੂੰ 229.93 ਕਰੋੜ ਰੁਪਏ ਦੀ ਰਾਸ਼ੀ ਵੰਡੀ ਜਾ ਚੁੱਕੀ ਹੈ।

ਉਨ੍ਹਾਂ ਦੱਸਿਆ ਕਿ ਅਸ਼ੀਰਵਾਦ ਸਕੀਮ ਨੂੰ ਹੋਰ ਸੁਖਾਲਾ ਅਤੇ ਪਾਰਦਰਸ਼ੀ ਢੰਗ ਨਾਲ ਲਾਗੂ ਕਰਨ ਲਈ ਇਸ ਸਕੀਮ ਅਧੀਨ ਅਰਜ਼ੀਆਂ ਆਨਲਾਈਨ ਪ੍ਰਾਪਤ ਕੀਤੀਆਂ ਜਾਂਦੀਆਂ ਹਨ।

## ਸਰਪੰਚਾਂ ਕੋਲੋਂ ਪਿੰਡਾਂ 'ਚ ਕਰਵਾਉਣ ਵਾਲੇ ਕੰਮਾਂ ਦੇ ਮਤੇ ਮੰਗੋ : ਈ ਟੀ ਓ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਕੈਬਨਿਟ ਮੰਤਰੀ ਸ ਹਰਭਜਨ ਸਿੰਘ ਈਟੀਓ ਨੇ ਆਪਣੇ ਹਲਕੇ ਦੇ ਸਮੁੱਚੇ ਵਿਕਾਸ ਲਈ ਵਿਉਂਤਬੰਦੀ ਕਰਨ ਵਾਸਤੇ ਜੰਡਿਆਲਾ ਗੁਰੂ ਹਲਕੇ ਦੇ ਬਲਾਕ ਵਿਕਾਸ ਅਤੇ ਪੰਚਾਇਤ ਅਧਿਕਾਰੀਆਂ ਨਾਲ ਕੀਤੀ ਵਿਸ਼ੇਸ਼ ਮੀਟਿੰਗ ਵਿੱਚ ਹਦਾਇਤ ਕੀਤੀ ਕਿ ਹਰੇਕ ਸਰਪੰਚ ਕੋਲੋਂ ਪਿੰਡ ਵਿੱਚ ਕੀਤੇ ਜਾਣ ਵਾਲੇ ਕੰਮਾਂ ਦਾ ਮਤੇ ਤਿਆਰ ਮੰਗਵਾਓ ਤਾਂ ਜੋ ਉਸ ਪਿੰਡ ਦੀ ਲੋੜ ਅਤੇ ਤਰਜੀਹ ਦੇ ਅਨੁਸਾਰ ਕੰਮ ਕਰਵਾਏ ਜਾ ਸਕਣ।ਅੱਜ ਜੰਡਿਆਲਾ ਗੁਰੂ ਵਿਖੇ ਪੰਚਾਇਤ ਵਿਭਾਗ ਦੇ ਇਨ੍ਹਾਂ ਅਧਿਕਾਰੀਆਂ ਨਾਲ ਕੀਤੀ ਮੀਟਿੰਗ ਵਿੱਚ ਕੈਬਨਿਟ ਮੰਤਰੀ ਨੇ ਇਹ ਵੀ ਸਪਸ਼ਟ ਕੀਤਾ ਕਿ ਚੁਣੇ ਹੋਏ ਸਰਪੰਚਾਂ ਦਾ ਕੰਮ ਸਾਰੇ ਅਧਿਕਾਰੀ ਤਰਜੀਹੀ ਅਧਾਰ ਉਤੇ ਕਰਨ ਅਤੇ ਕੋਈ ਵੀ ਅਧਿਕਾਰੀ ਕਿਸੇ ਸਰਪੰਚ ਜਾਂ ਪੰਚ ਦੀ ਗੱਲ ਨੂੰ ਅਣਗੌਲਿਆਂ ਨਾ ਕਰੇ।ਉਨ੍ਹਾਂ ਕਿਹਾ ਕਿ ਪੰਚਾਇਤਾਂ ਲੋਕਤੰਤਰ ਦੀ ਮੁੱਢਲੀ ਇਕਾਈ ਹਨ ਅਤੇ ਸਾਡਾ ਦੇਸ਼ ਪਿੰਡਾਂ ਦਾ ਦੇਸ਼ ਹੈ, ਇਸ ਲਈ ਇਹਨਾਂ ਸਰਪੰਚਾਂ ਦੇ ਕੰਮ ਕਰਵਾਉਣੇ ਦੇਸ਼ ਦੀ ਜਨਤਾ ਦੀ ਅਸਲ ਸੇਵਾ ਹੈ, ਜੋ ਕਿ ਸਾਡੇ ਲਈ ਬਹੁਤ ਅਹਿਮ ਹਨ।ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਸ਼ਹਿਰਾਂ ਦੇ ਬਰਾਬਰ ਸਹੂਲਤਾਂ ਹਰੇਕ ਖੇਤਰ ਵਿੱਚ ਦਿੱਤੀਆਂ ਜਾਣੀਆਂ ਹਨ, ਇਸ ਲਈ ਸਾਰੇ ਪਿੰਡਾਂ ਕੋਲੋਂ ਇਸ ਵਿਸ਼ੇ ਨੂੰ ਮਨ ਵਿੱਚ ਰੱਖ ਕੇ ਪ੍ਰਸਤਾਵ ਤਿਆਰ ਕਰਵਾਏ ਜਾਣ।ਉਨ੍ਹਾਂ ਕਿਹਾ ਕਿ ਸਰਕਾਰ ਕੋਲ ਕੰਮਾਂ ਵਾਸਤੇ ਪੈਸੇ ਦੀ ਕੋਈ ਘਾਟ ਨਹੀਂ ਹੈ ਅਤੇ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦਾ ਸੁਪਨਾ ਰੰਗਲੇ ਪੰਜਾਬ ਦੀ ਸਿਰਜਣਾ ਹੈ, ਨੂੰ ਪੂਰਾ ਕਰਨ ਲਈ ਸਾਰੇ ਪੰਚਾਇਤ ਅਧਿਕਾਰੀ ਮਿਲ ਕੇ ਕੰਮ ਕਰਨ।ਉਨ੍ਹਾਂ ਨੇ ਬੜੇ ਸਪਸ਼ਟ ਸ਼ਬਦਾਂ ਵਿੱਚ ਹਦਾਇਤ ਕੀਤੀ ਕਿ ਕੋਈ ਵੀ ਅਧਿਕਾਰੀ ਕਿਸੇ ਵੀ ਪੰਚਾਇਤ ਦੇ ਕੰਮ ਵਿੱਚ ਬਿਨਾਂ ਵਜ੍ਹਾ ਰੁਕਾਵਟ ਨਾ ਬਣੇ ਬਲਕਿ ਸਰਪੰਚਾਂ ਨਾਲ ਸਹਿਯੋਗ ਕਰਕੇ ਪਿੰਡਾਂ ਦੇ ਸਾਰੇ ਕੰਮ ਸ਼ੁਰੂ ਕਰਵਾਏ ਜਾਣ।ਉਨ੍ਹਾਂ ਕਿਹਾ ਕਿ ਜੰਡਿਆਲਾ ਹਲਕੇ ਨੂੰ ਪੰਜਾਬ ਦਾ ਸੋਹਣਾ ਹਲਕਾ ਬਣਾਉਣਾ ਮੇਰਾ ਸੁਪਨਾ ਹੈ ਅਤੇ ਇਸ ਲਈ ਸਾਰੀਆਂ ਪੰਚਾਇਤਾਂ ਅਤੇ ਸਾਰੇ ਵਿਭਾਗਾਂ ਦੇ ਸਾਥ ਦੀ ਲੋੜ ਹੈ।

### ਮਾਮਲਾ ਬਿਰਧ ਮਾਤਾ ਬਲਬੀਰ ਕੌਰ ਦੀ ਜ਼ਮੀਨ 'ਤੇ ਧੱਕੇ ਨਾਲ ਕਬਜ਼ਾ ਕਰਨ ਦਾ

## ਅੱਜ ਐੱਸ ਐੱਸ ਪੀ ਤੇ ਡੀ ਸੀ ਦਫਤਰ ਅੱਗੇ ਲਾਇਆ ਜਾਵੇਗਾ ਧਰਨਾ



**ਚੋਹਲਾ ਸਾਹਿਬ (ਰਮਨ ਚੱਢਾ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੀ ਮੀਟਿੰਗ ਬਾਬਾ ਕਾਹਨ ਸਿੰਘ ਦੇ ਸਥਾਨ 'ਤੇ ਪਿੰਡ ਪਿੱਦੀ ਵਿਖੇ ਜ਼ਿਲਾ ਪ੍ਰਧਾਨ ਤੇ ਸੂਬਾ ਆਗੂ ਸਤਨਾਮ ਸਿੰਘ ਮਾਣੋਚਾਹਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਨੇ ਕਿਹਾ ਕਿ ਬੀਬੀ ਬਲਵੀਰ ਕੌਰ ਆਪਣੀ ਜੱਦੀ ਪੈਲੀ ਜੋ ਕਿ ਚਾਰ ਏਕੜ ਹੈ, ਨੂੰ ਠੇਕੇ ਤੇ ਦੇ ਕੇ ਆਪਣੀ ਜ਼ਿੰਦਗੀ ਬਸਰ ਕਰਦੀ ਸੀ ਜੋ ਕਿ ਲਾਲਜੀਤ ਭੁੱਲਰ ਦੇ ਨਜ਼ਦੀਕੀ ਵਿਅਕਤੀਆਂ ਵੱਲੋਂ ਚਾਰ ਏਕੜ ਜ਼ਮੀਨ ਤੇ ਧੱਕੇ ਨਾਲ ਕਬਜ਼ਾ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜਿਨ੍ਹਾਂ ਨੂੰ ਮਾਤਾ ਨੇ ਜ਼ਮੀਨ ਠੇਕੇ ਤੇ ਦਿੱਤੀ ਹੈ ਉਨ੍ਹਾਂ ਨੂੰ ਧਮਕੀਆਂ ਦੇ ਕੇ ਹਥਿਆਰਾਂ ਦੇ ਜ਼ੋਰ ਤੇ ਪੈਲੀ ਨਾ ਵਾਹੁਣ ਤੇ ਮਜਬੂਰ ਕਰ ਰਹੇ ਹਨ।

ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਨੂਰਦੀ, ਜ਼ਿਲ੍ਹਾ ਮੀਤ ਪ੍ਰਧਾਨ ਰੇਸ਼ਮ ਸਿੰਘ ਘੁਰਕਵਿੰਡ, ਬਲਵਿੰਦਰ ਸਿੰਘ ਚੋਲਾ ਸਾਹਿਬ ਨੇ ਕਿਹਾ ਕਿ ਲਗਾਤਾਰ ਚੋਹਲਾ ਸਾਹਿਬ ਥਾਣੇ ਅੱਗੇ ਰੋਸ ਪ੍ਰਦਰਸ਼ਨ ਕਰ ਰਹੇ ਹਨ ਪਰ ਉਥੋਂ ਦੇ ਪ੍ਰਸ਼ਾਸਨ ਨੇ ਮਾਤਾ ਦੀ ਕੋਈ ਸਾਰ ਨਹੀਂ ਲਈ। ਕਿਸਾਨ ਆਗੂ 23 ਜਨਵਰੀ ਨੂੰ ਜ਼ਿਲਾ ਵਿੱਚ ਜ਼ੋਨ ਪੱਧਰੀ ਪੁਤਲਾ ਫੂਕ ਕੇ ਮੁਜ਼ਾਹਰਾ ਕਰਨਗੇ। ਜੇਕਰ ਮਾਤਾ ਨੂੰ ਫਿਰ ਵੀ ਕੋਈ ਇਨਸਾਫ ਨਾ ਦਿੱਤਾ ਗਿਆ ਤਾਂ 24 ਜਨਵਰੀ ਨੂੰ ਐੱਸਐੱਸਪੀ ਅਤੇ ਡੀਸੀ ਦਫਤਰ ਅੱਗੇ ਧਰਨਾ ਲਾਇਆ ਜਾਵੇਗਾ। ਇਸ ਮੌਕੇ ਪਰਮਜੀਤ ਸਿੰਘ ਛੀਨਾ, ਦਿਲਬਾਗ ਸਿੰਘ ਪਹੁਵਿੰਡ, ਸਲਵਿੰਦਰ ਸਿੰਘ ਜੀਓਬਾਲਾ, ਕੁਲਵਿੰਦਰ ਸਿੰਘ ਕੈਰੋਵਾਲ, ਸੁਖਚੈਨ ਸਿੰਘ ਅਲੋਵਾਲ, ਨਰੰਜਨ ਸਿੰਘ ਬਗਰਾੜੀ, ਲਖਵਿੰਦਰ ਸਿੰਘ ਪਲਾਸੌਰ, ਸੁਖਵਿੰਦਰ ਸਿੰਘ ਦੁਗਲਵਾਲਾ, ਇਕਬਾਲ ਸਿੰਘ, ਮਨਜੀਤ ਸਿੰਘ, ਆਤਮਾ ਸਿੰਘ, ਦਲਬੀਰ ਸਿੰਘ, ਮਨਜਿੰਦਰ ਸਿੰਘ, ਹਰਭਿੰਦਰਜੀਤ ਸਿੰਘ ਕੰਗ, ਜਵਾਹਰ ਸਿੰਘ ਟਾਂਡਾ, ਗਿਆਨ ਸਿੰਘ ਚੋਹਲਾ ਖੁਰਦ ਆਦਿ ਆਗੂ ਹਾਜ਼ਰ ਸਨ

## ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਸੁਸਾਇਟੀ ਵੱਲੋਂ ਧਾਰਮਿਕ ਮੁਕਾਬਲੇ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)-ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਸੁਸਾਇਟੀ ਦਸਤੂਰ-ਇ-ਦਸਤਾਰ ਲਹਿਰ ਪੰਜਾਬ ਵੱਲੋਂ ਸ਼ਹੀਦ ਬਾਬਾ ਦੀਪ ਸਿੰਘ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ ਬੱਚਿਆਂ ਦੇ ਦਸਤਾਰ ਤੇ ਦੁਮਾਲਾ ਸਜਾਉਣ, ਗੁਰਬਾਣੀ ਕੰਠ ਤੇ ਸੁੰਦਰ ਲਿਖਾਈ ਮੁਕਾਬਲਿਆਂ ਦਾ ਆਯੋਜਨ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਪਹੂਵਿੰਡ ਸਾਹਿਬ ਵਿਖੇ ਕੀਤਾ ਗਿਆ।ਮੁਕਾਬਲਿਆਂ ਵਿੱਚ ਗੁਰੂਕੁੱਲ ਪਬਲਿਕ ਸਕੂਲ ਭਿੱਖੀਵਿੰਡ, ਸ਼ਹੀਦ ਭਗਤ ਸਿੰਘ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ, ਗੁਰੂ ਨਾਨਕ ਡੀਏਵੀ ਸਕੂਲ ਭਿੱਖੀਵਿੰਡ, ਗੋਲਡਨ ਲਾਈਫ ਸੀਨੀਅਰ ਸੈਕੰਡਰੀ ਸਕੂਲ ਮਾੜੀ ਗੌੜ ਸਿੰਘ, ਮਹਾਰਾਜਾ ਰਣਜੀਤ ਸਿੰਘ ਸੀਨੀਅਰ ਸੈਕੰਡਰੀ ਸਕੂਲ ਦਿਆਲਪੁਰ, ਮਹਾਰਾਜਾ ਸਿੰਘ ਸੀਨੀਅਰ ਸੈਕੰਡਰੀ ਸਕੂਲ ਤਪਾ ਬਾਠ, ਬਾਬਾ ਦੀਪ ਸਿੰਘ ਸੀਨੀਅਰ ਸੈਕੰਡਰੀ ਸਕੂਲ ਪਹੂਵਿੰਡ, ਕੈਂਬਰਿਜ ਸਕੂਲ ਪਹੂਵਿੰਡ ਤੋਂ ਲਗਭੱਗ 300 ਵਿਦਿਆਰਥੀਆਂ ਨੇ ਭਾਗ ਲਿਆ।ਮੁਕਾਬਲਿਆਂ ਦੀ ਸ਼ੁਰੂਆਤ ਸਿੱਖ ਮਰਿਆਦਾ ਅਨੁਸਾਰ ਸਤਿਗੁਰੂ ਅੱਗੇ ਅਰਦਾਸ ਬੇਨਤੀ ਕਰਨ ਮਗਰੋਂ ਕੀਤੀ ਗਈ।ਸੁਸਾਇਟੀ ਵੱਲੋਂ ਸੁੰਦਰ ਦਸਤਾਰ ਤੇ ਦੁਮਾਲਾ ਸਜਾਉਣ ਮੁਕਾਬਲੇ ਦੇ ਚਾਰ ਗਰੁੱਪ, ਗੁਰਬਾਣੀ ਕੰਠ ਅਤੇ ਸੁੰਦਰ ਲਿਖਾਈ ਮੁਕਾਬਲੇ ਦੇ ਦੋ ਗਰੁੱਪ ਬਣਾ ਕੇ ਮੁਕਾਬਲੇ ਕਰਵਾਏ ਗਏ।ਹਰ ਇੱਕ ਗਰੁੱਪ ਵਿੱਚੋਂ ਪਹਿਲਾ, ਦੂਸਰਾ ਅਤੇ ਤੀਸਰਾ ਸਥਾਨ ਪ੍ਰਾਪਤ ਕਰਨ ਵਾਲੇ ਬੱਚਿਆਂ ਨੂੰ ਸੁਸਾਇਟੀ ਵੱਲੋਂ ਸ਼ੀਲਡਾਂ, ਸਿੱਖ ਫਾਰ ਹਿਊਮੈਨਿਟੀ (ਕੈਨੇਡਾ) ਵੱਲੋਂ ਪ੍ਰਕਾਸ਼ਿਤ ਸਾਹਿਤ ਅਤੇ ਬੀਬੀ ਕੌਲਾਂ ਜੀ ਭਲਾਈ ਕੇਂਦਰ ਵੱਲੋਂ ਦਸਤਾਰਾਂ ਦੇ ਕੇ ਸਨਮਾਨਿਤ ਕੀਤਾ ਗਿਆ।ਬਾਕੀ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਮੈਡਲ ਅਤੇ ਧਾਰਮਿਕ ਸਾਹਿਤ ਦੇ ਕੇ ਕੀਤੀ ਗਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ ਜਰਮਨ, ਵਾਈਸ ਕਨਵੀਨਰ ਭਾਈ ਹਰਜੀਤ ਸਿੰਘ ਆਸਟ੍ਰੇਲੀਆ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰਸਿੰਘ, ਖਜ਼ਾਨਚੀ ਭਾਈ ਮਨਦੀਪ ਸਿੰਘ ਘੋਲੀਆਂ ਕਲਾਂ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਨੇ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨੂੰ ਸਿੱਖ ਇਤਿਹਾਸ ਨਾਲ ਜੋੜਨ ਲਈ ਯਤਨ ਕਰਨੇ ਚਾਹੀਦੇ ਹਨ।ਕਾਬਿਲ-ਏ-ਗੌਰ ਹੈ ਕਿ ਦਸਤਾਰ ਸਜਾਉਣ ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਦਸਤਾਰ ਕੋਆਰਡੀਨੇਟਰ ਹਰਪ੍ਰੀਤ ਸਿੰਘ, ਵਾਈਸ ਕੋਆਰਡੀਨੇਟਰ ਆਕਾਸ਼ਦੀਪ ਸਿੰਘ, ਸਾਜਨਪ੍ਰੀਤ ਸਿੰਘ, ਜਗਦੀਸ਼ ਸਿੰਘ, ਹੁਸਨਦੀਪ ਸਿੰਘ, ਸੁਖਮਨਦੀਪ ਸਿੰਘ, ਤਾਜਵੀਰ ਸਿੰਘ, ਵਜ਼ੀਰ ਸਿੰਘ, ਸਾਹਿਲਦੀਪ ਸਿੰਘ ਵੀਰਮ, ਹਰਮਨਦੀਪ ਸਿੰਘ ਤੇ ਗੁਰਬਾਣੀ ਕੰਠ ਮੁਕਾਬਲੇ 'ਚ ਜੱਜ ਦੀ ਭੂਮਿਕਾ ਸਿੱਖ ਮਿਸ਼ਨਰੀ ਕਾਲਜ ਭਿੱਖੀਵਿੰਡ ਦੇ ਸਰਕਲ ਇੰਚਾਰਜ ਭਾਈ ਭਗਵਾਨ ਸਿੰਘ ਅਤੇ ਪੰਥ ਪ੍ਰਸਿੱਧ ਪ੍ਰਚਾਰਕ ਭਾਈ ਸੁਖਵਿੰਦਰ ਸਿੰਘ ਖਾਲੜਾ, ਭਾਈ ਦਿਲਬਾਗ ਸਿੰਘ ਡੱਲ ਵੱਲੋਂ ਨਿਭਾਈ ਗਈ।ਸੁੰਦਰ ਲਿਖਾਈ ਮੁਕਾਬਲੇ ਵਿੱਚ ਜੱਜ ਦੀ ਭੂਮਿਕਾ ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ ਅਤੇ ਜ਼ੋਨਲ ਇੰਚਾਰਜ ਭਿੱਖੀਵਿੰਡ ਭਾਈ ਗੁਰਜੰਟ ਸਿੰਘ ਵੱਲੋਂ ਨਿਭਾਈ ਗਈ।ਇਸ ਮੌਕੇ ਗੁਰੂਕੁੱਲ ਪਬਲਿਕ ਸਕੂਲ ਭਿੱਖੀਵਿੰਡ, ਗੁਰੂ ਨਾਨਕ ਦੇਵ ਡੀਏਵੀ ਪਬਲਿਕ ਸਕੂਲ ਭਿੱਖੀਵਿੰਡ ਅਤੇ ਹੋਰ ਸਕੂਲਾਂ ਦੇ ਬੱਚਿਆਂ ਨੇ ਭਾਸ਼ਣ, ਕਵਿਤਾਵਾਂ ਤੇ ਕਵੀਸ਼ਰੀ ਦੀ ਪੇਸ਼ਕਾਰੀ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ।ਇਸ ਮੌਕੇ ਸਿੱਖ ਜਗਤ ਦੇ ਉੱਭਰਦੇ ਕਵੀ ਭਾਈ ਜਸਵਿੰਦਰ ਸਿੰਘ ਅਮਰਕੋਟ, ਉੱਘੇ ਸਮਾਜ ਸੇਵੀ ਅਤੇ ਸੋਸਾਇਟੀ ਦੇ ਸਹਿਯੋਗੀ ਭਾਈ ਬਲਰਾਜ ਸਿੰਘ ਖਾਲੜਾ, ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਰਵਣ ਸਿੰਘ ਅਤੇ ਬੀਬੀ ਕੌਲਾਂ ਭਲਾਈ ਟਰਸਟ ਦੇ ਸੇਵਾਦਾਰ ਬਾਬਾ ਹਰ ਮਹਿੰਦਰ ਸਿੰਘ ਨੇ ਸੋਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਰੱਜ ਕੇ ਸ਼ਲਾਘਾ ਕੀਤੀ।ਇਸ ਮੌਕੇ ਬਖਸ਼ੀਸ਼ ਸਿੰਘ, ਮੈਡਮ ਮਨਦੀਪ ਕੌਰ, ਮੈਡਮ ਜਸ਼ਨਪ੍ਰੀਤ ਕੌਰ, ਮੈਡਮ ਪਰਮਜੀਤ ਕੌਰ ਅਤੇ ਵੱਖ-ਵੱਖ ਸਕੂਲਾਂ ਦੇ ਅਧਿਆਪਕ ਤੇ ਸੰਗਤਾਂ ਵੱਡੀ ਗਿਣਤੀ 'ਚ ਹਾਜ਼ਰ ਸਨ।

## ਸੰਯੁਕਤ ਕਿਸਾਨ ਮੋਰਚਾ ਤਹਿਸੀਲ ਗੁਰਦਾਸਪੁਰ ਦੀ ਭਰਵੀਂ ਮੀਟਿੰਗ




**ਗੁਰਦਾਸਪੁਰ (ਜਨਕ ਮਹਾਜਨ)**-ਸੰਯੁਕਤ ਕਿਸਾਨ ਮੋਰਚਾ (ਭਾਰਤ) ਦੇ ਸੱਦੇ ਤੇ ਦੇਸ਼ ਭਰ ਵਿੱਚ ਤਹਿਸੀਲਾਂ, ਬਲਾਕਾਂ, ਜ਼ਿਲਿਆਂ ਵਿੱਚ ਟਰੈਕਟਰ ਮਾਰਚ ਕਰਨ ਦੇ ਫੈਸਲੇ ਨੂੰ ਲਾਗੂ ਕਰਨ ਹਿੱਤ ਸੰਯੁਕਤ ਕਿਸਾਨ ਮੋਰਚਾ ਤਹਿਸੀਲ ਗੁਰਦਾਸਪੁਰ ਦੀ ਇੱਕ ਭਰਵੀਂ ਮੀਟਿੰਗ ਹੋਈ।ਮੀਟਿੰਗ ਦੀ ਪ੍ਰਧਾਨਗੀ ਚੰਨਣ ਸਿੰਘ ਦੋਰਾਂਗਲਾ ਨੇ ਕੀਤੀ।ਮੀਟਿੰਗ ਨੂੰ ਸੰਬੋਧਨ ਕਰਦਿਆਂ ਮੱਖਣ ਸਿੰਘ ਕੁਹਾੜ, ਸੁਖਦੇਵ ਸਿੰਘ ਭਾਗੋਕਾਵਾਂ, ਮੰਗਤ ਸਿੰਘ ਜੀਵਨ ਚੱਕ, ਗੁਰਦੀਪ ਸਿੰਘ ਮੁਸਤਫਾਬਾਦ, ਬਲਬੀਰ ਸਿੰਘ ਬੈਂਸ, ਗੁਰਮੀਤ ਸਿੰਘ ਹਯਾਤਨਗਰ, ਮੱਖਣ ਸਿੰਘ ਤਿੱਬੜ, ਅਜੀਤ ਸਿੰਘ ਹੁੰਦਲ, ਰਜਿੰਦਰ ਸਿੰਘ ਸੋਨਾ ਘਰਾਲਾ, ਕਪੂਰ ਸਿੰਘ ਘੁੰਮਣ, ਕੁਲਜੀਤ ਸਿੰਘ ਸਿੱਧਵਾਂ ਜਮੀਤਾ, ਰਘਬੀਰ ਸਿੰਘ ਚਾਹਲ ਆਦਿ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਕੇਂਦਰ ਸਰਕਾਰ ਕੌਮੀ ਖੇਤੀ ਮੰਡੀ ਨੀਤੀ ਖਰੜੇ ਨੂੰ ਕਾਨੂੰਨ ਦਾ ਰੂਪ ਦੇ ਕੇ ਫਿਰ ਤੋਂ ਪਹਿਲਾਂ ਵਾਲੇ ਉਹ ਤਿੰਨੇ ਕਾਲੇ ਕਾਨੂੰਨ ਜੋ ਐੱਸਕੇਐੱਮ ਨੇ ਲੰਬੀ ਜੱਦੋਜਹਿਦ ਰਾਹੀਂ ਰੱਦ ਕਰਾਏ ਸਨ ਉਨ੍ਹਾਂ ਨੂੰ ਫੇਰ ਤੋਂ ਲਾਗੂ ਕਰਨਾ ਚਾਹੁੰਦੀ ਹੈ ਜੋ ਕਿਸੇ ਵੀ ਕੀਮਤ ਵਿੱਚ ਲਾਗੂ ਨਹੀਂ ਹੋਣ ਦਿੱਤੇ ਜਾਣਗੇ।ਉਨ੍ਹਾਂ ਕਿਹਾ ਕਿ ਇਹ ਖਰੜਾ ਰੱਦ ਕਰਾਉਣ ਅਤੇ ਐੱਮਐੱਸਪੀ ਦੀ ਕਾਨੂੰਨੀ ਗਰੰਟੀ ਦਾ ਕਾਨੂੰਨ ਬਣਾਉਣ, ਮਜ਼ਦੂਰਾਂ ਲਈ ਮਨਰੇਗਾ ਦਾ ਸਾਰਾ ਸਾਲ ਕੰਮ ਤੇ 600 ਦਿਹਾੜੀ ਅਤੇ ਸਭ ਨਾਗਰਿਕਾਂ ਲਈ 10 ਹਜ਼ਾਰ ਬੁਢਾਪਾ ਪੈਨਸ਼ਨ ਲਈ ਇਹ ਟਰੈਕਟਰ ਮਾਰਚ ਕੀਤਾ ਜਾ ਰਿਹਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਖਜਾਨ ਸਿੰਘ ਪੰਧੇਰ, ਬਲਪ੍ਰੀਤ ਸਿੰਘ, ਪ੍ਰਿੰਸ ਘਰਾਲਾ, ਬਲਬੀਰ ਸਿੰਘ ਉਚੱਧਕਾਲਾ, ਸਤਿੰਦਰ ਸਿੰਘ ਕਾਹਲੋਂ, ਬੌਬੀ ਹਯਾਤਨਗਰ, ਗੁਰਦੀਪ ਸਿੰਘ ਬਾਠਾਂ ਵਾਲੀ ਅਤੇ ਗਰਮੇਸ਼ ਸਿੰਘ ਲੱਧਾ ਮੁੰਡਾ ਆਦਿ ਵੀ ਹਾਜ਼ਰ ਸਨ।

## ਬਨੇਗਾ ਤੇ 6 ਘੰਟੇ ਕਾਨੂੰਨੀ ਕੰਮ ਦਿਹਾੜੀ ਦਾ ਹੱਕ ਪ੍ਰਾਪਤ ਕਰਨ ਤੱਕ ਸੰਘਰਸ਼ ਜਾਰੀ ਰੱਖਣ ਦਾ ਅਹਿਦ




**ਝਬਾਲ (ਹਰਜਿੰਦਰ ਸਿੰਘ ਸੋਨੀ)**-ਹਰ ਨੌਜਵਾਨ ਮੁੰਡੇ ਕੁੜੀ ਵਾਸਤੇ ਰੁਜ਼ਗਾਰ ਦੀ ਗਰੰਟੀ ਦਾ ਕਾਨੂੰਨ ਭਗਤ ਸਿੰਘ ਰੁਜ਼ਗਾਰ ਗਰੰਟੀ ਐਕਟ (ਬਨੇਗਾ) ਬਣਾਉਣ ਲਈ ਸਮੇਂ ਦੀਆਂ ਸਰਕਾਰਾਂ ਤੇ ਦਬਾਅ ਪਾਉਣ ਹਿੱਤ ਸਰਬ ਭਾਰਤ ਨੌਜਵਾਨ ਸਭਾ ਅਤੇ ਆਲ ਇੰਡੀਆ ਸਟੂਡੈਂਟ ਫੈਡਰੇਸ਼ਨ ਵੱਲੋਂ ਬਨੇਗਾ ਪ੍ਰਾਪਤੀ ਮੁਹਿੰਮ ਦੇ ਬੈਨਰ ਹੇਠ ਤਰਨ ਤਾਰਨ ਡਿਪਟੀ ਕਮਿਸ਼ਨਰ ਦਫਤਰ ਅੱਗੇ 90 ਘੰਟੇ ਕੰਮ ਹਫਤੇ ਦੀ ਤਜਵੀਜ਼ ਖਿਲਾਫ ਅਤੇ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਅਤੇ 6 ਘੰਟੇ ਦੀ ਕਾਨੂੰਨੀ ਕੰਮ ਦਿਹਾੜੀ ਦੀ ਪ੍ਰਾਪਤੀ ਲਈ ਇੱਥੇ ਬਨੇਗਾ ਪ੍ਰਦਰਸ਼ਨ ਕੀਤਾ ਗਿਆ।ਪ੍ਰਦਰਸ਼ਨ ਦੀ ਅਗਵਾਈ ਸਰਬ ਭਾਰਤ ਨੌਜਵਾਨ ਸਭਾ ਦੇ ਜ਼ਿਲ੍ਹਾ ਜਨਰਲ ਸਕੱਤਰ ਵਿਸ਼ਾਲਦੀਪ ਸਿੰਘ ਵਲਟੋਹਾ ਅਤੇ ਪ੍ਰਧਾਨ ਰਸਾਲ ਸਿੰਘ ਭਿੱਖੀਵਿੰਡ ਨੇ ਕੀਤੀ।ਇਸ ਮੌਕੇ ਉਕਤ ਦੋਵਾਂ ਜਥੇਬੰਦੀਆਂ ਦੇ ਆਗੂਆਂ ਅਤੇ ਵਰਕਰਾਂ ਵੱਲੋਂ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਗਈ।ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਕਿਹਾ ਕਿ ਮੌਜੂਦਾ ਕੇਂਦਰ ਦੀ ਸਰਕਾਰ ਅਤੇ ਦੇਸ਼ ਦੇ ਪੂੰਜੀਪਤੀਆਂ ਵੱਲੋਂ 12 ਘੰਟੇ ਕਾਨੂੰਨੀ ਕੰਮ ਦਿਹਾੜੀ ਅਤੇ 90 ਘੰਟੇ ਦਾ ਹਫਤਾ ਨੀਤੀਆਂ ਲਾਗੂ ਕਰਨ ਦੀਆਂ ਤਜਵੀਜ਼ਾਂ ਲਿਆਂਦੀਆਂ ਜਾਂ ਰਹੀਆਂ ਹਨ, ਜਿਸ ਨਾਲ ਕਿਰਤੀਆਂ ਦੀ ਭਾਰੀ ਆਰਥਿਕ ਲੁੱਟ ਲਈ ਪੂੰਜੀਪਤੀਆਂ ਨੂੰ ਖੁੱਲ੍ਹੀ ਛੋਟ ਮਿਲ ਜਾਵੇਗੀ।ਇਸ ਤਜਵੀਜ਼ ਦੇ ਲਾਗੂ ਹੋਣ ਨਾਲ ਕੰਮ ਤੇ ਲੱਗੇ ਕਾਮਿਆਂ ਦਾ ਕੰਮ ਬੋਝ ਖਤਰਨਾਕ ਹੱਦ ਤੱਕ ਵੱਧ ਜਾਵੇਗਾ ਅਤੇ ਦੂਜੇ ਪਾਸੇ ਐਤਵਾਰ ਦੀ ਛੁੱਟੀ ਵੀ ਖ਼ਤਮ ਹੋ ਜਾਵੇਗੀ ਜੋ ਕਿ ਦੇਸ਼ ਅਤੇ ਕਿਰਤੀਆਂ ਵਿਰੋਧੀ ਹੈ ਜਿਸ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਉਕਤ ਆਗੂਆਂ ਨੇ ਕਿਹਾ ਕਿ ਬਨੇਗਾ ਪ੍ਰਾਪਤੀ ਮੁਹਿੰਮ ਵੱਲੋਂ ਇਨ੍ਹਾਂ ਮੰਗਾਂ ਦੀ ਪ੍ਰਾਪਤੀ ਲਈ ਪੰਜਾਬ ਦੇ ਜ਼ਿਲ੍ਹਾ ਹੈਡ ਕੁਆਟਰ ਤੇ ਡਿਪਟੀ ਕਮਿਸ਼ਨਰ ਦਫਤਰਾਂ ਅੱਗੇ ਮਹੀਨਵਾਰ ਬਨੇਗਾ ਪ੍ਰਦਰਸ਼ਨ ਕੀਤੇ ਜਾਇਆ ਕਰਨਗੇ ਜਿਸ ਦੀ ਅੱਜ ਇਥੋਂ ਸ਼ੁਰੂਆਤ ਕੀਤੀ ਗਈ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਇਨ੍ਹਾਂ ਪ੍ਰਦਰਸ਼ਨਾਂ ਨੂੰ ਦੇਸ਼ ਪੱਧਰ ਤੱਕ ਵਿਸਥਾਰ ਦੇਣ ਦੇ ਯਤਨ ਵੀ ਕੀਤੇ ਜਾਣਗੇ।ਪ੍ਰਦਰਸ਼ਨ ਨੂੰ ਹੋਰਨਾਂ ਤੋਂ ਇਲਾਵਾ ਗੁਰਲਾਲ ਸਿੰਘ, ਗੁਰਪ੍ਰਤਾਪ ਸਿੰਘ, ਗੁਰਬੀਰ ਸਿੰਘ, ਲਵਬੀਰ ਸਿੰਘ; ਵਲਟੋਹਾ, ਪਾਲ ਸਿੰਘ ਭਿੱਖੀਵਿੰਡ, ਗੁਰਪ੍ਰੀਤ ਸਿੰਘ, ਜਗਰਾਜ ਸਿੰਘ, ਅਨਮੋਲਪ੍ਰੀਤ ਸਿੰਘ, ਭਗਵੰਤ ਸਿੰਘ ਵੇਈਪੂਈਂ, ਰੋਬਨਪ੍ਰੀਤ ਸਿੰਘ, ਕਰਨਜੀਤ ਸਿੰਘ ਮੂਸੇ, ਸਰਬ ਭਾਰਤ ਨੌਜਵਾਨ ਸਭਾ ਦੇ ਸਾਬਕਾ ਆਗੂ ਗੁਰਦਿਆਲ ਸਿੰਘ, ਦਵਿੰਦਰ ਕੁਮਾਰ ਸੋਹਲ, ਬਲਕਾਰ ਸਿੰਘ ਵਲਟੋਹਾ, ਸੁਖਦੇਵ ਸਿੰਘ ਕਾਲਾ ਭਿੱਖੀਵਿੰਡ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

### ਪ੍ਰਾਣ ਪ੍ਰਤਿਸ਼ਠਾ ਦਾ ਇੱਕ ਸਾਲ ਪੂਰਾ ਹੋਣ 'ਤੇ ਵਕੀਲਾਂ ਨੇ ਲੱਡੂ ਵੰਡੇ



**ਗੁਰਦਾਸਪੁਰ, (ਦਿਨੇਸ਼ ਕੁਮਾਰ)**-ਉੱਤਰ ਪ੍ਰਦੇਸ਼ ਦੇ ਅਯੁੱਧਿਆ ਵਿੱਚ ਸ਼੍ਰੀ ਰਾਮ ਮੰਦਰ ਦੇ ਪਵਿੱਤਰ ਨਿਰਮਾਣ ਦੇ ਇੱਕ ਸਾਲ ਪੂਰੇ ਹੋਣ 'ਤੇ ਜ਼ਿਲ੍ਹਾ ਕੋਰਟ ਕੰਪਲੈਕਸ, ਗੁਰਦਾਸਪੁਰ ਵਿਖੇ ਇੱਕ ਵਿਸ਼ੇਸ਼ ਸਮਾਰੋਹ ਦਾ ਆਯੋਜਨ ਕੀਤਾ ਗਿਆ। ਸਮਾਰੋਹ ਤੋਂ ਪਹਿਲਾਂ ਸ਼੍ਰੀ ਰਾਮ ਚੰਦਰ ਦੀ ਫੋਟੋ 'ਤੇ ਫੁੱਲ ਭੇਟ ਕੀਤੇ ਗਏ ਅਤੇ ਸਾਰਿਆਂ ਨੇ ਇੱਕ ਦੂਜੇ ਨੂੰ ਪ੍ਰਾਣ ਪ੍ਰਤਿਸ਼ਠਾ ਦਿਵਸ ਦੀਆਂ ਵਧਾਈਆਂ ਦਿੱਤੀਆਂ।ਇਸ ਮੌਕੇ ਲੋਕਾਂ ਵਿੱਚ ਲੱਡੂ ਵੀ ਵੰਡੇ ਗਏ ਅਤੇ ਸ਼੍ਰੀ ਰਾਮ ਦੇ ਨਾਅਰੇ ਲਗਾਏ ਗਏ।ਇਸ ਮੌਕੇ ਐਡਵੋਕੇਟ ਪ੍ਰਸ਼ਾਂਤ ਰਾਓ ਉਪ ਪ੍ਰਧਾਨ, ਐਡਵੋਕੇਟ ਦਵਿੰਦਰ ਪਾਲ ਸਿੰਘ ਸਮਰਾ ਸਕੱਤਰ, ਐਡਵੋਕੇਟ ਅਭਿਸ਼ੇਕ ਪੁਰੀ ਕੈਸ਼ੀਅਰ, ਐਡਵੋਕੇਟ ਆਕਾਸ਼ ਮਹਾਜਨ, ਐਡਵੋਕੇਟ ਰਾਕੇਸ਼ ਸ਼ਰਮਾ, ਐਡਵੋਕੇਟ ਗਗਨਦੀਪ ਸਿੰਘ ਸੈਣੀ ਅਤੇ ਐਡਵੋਕੇਟ ਸਚਿਨ ਮਹਾਜਨ ਆਦਿ ਵੀ ਮੌਜੂਦ ਸਨ।

## ਆਰ ਐੱਮ ਪੀ ਆਈ ਨੇ ਵਿਧਾਇਕ ਦਾ ਪੁਤਲਾ ਫੂਕਿਆ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵੱਲੋਂ ਹਲਕਾ ਵਿਧਾਇਕ ਖਡੂਰ ਸਾਹਿਬ ਦਾ ਪੁਤਲਾ ਕਸਬਾ ਖਡੂਰ 'ਚ ਸਾੜਿਆ ਗਿਆ, ਜਿਸ ਦੀ ਅਗਵਾਈ ਕੁਲਿੰਦਰ ਕੌਰ ਬਾਬਾ ਦਿਆਲ ਸਿੰਘ ਦੀਨੇਵਾਲ ਨੇ ਕੀਤੀ।ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਜ਼ਿਲ੍ਹੇ ਦੇ ਆਗੂ ਵੀ ਹਾਜ਼ਰ ਸਨ। ਇਸ ਮੌਕੇ ਪਾਰਟੀ ਦੇ ਆਗੂ ਜਸਬੀਰ ਸਿੰਘ ਵੈਰੋਵਾਲ, ਔਰਤ ਮੁਕਤੀ ਮੋਰਚੇ ਦੇ ਸੂਬਾ ਕਮੇਟੀ ਮੈਂਬਰ ਕੁਲਵਿੰਦਰ ਕੌਰ ਖਡੂਰ ਸਾਹਿਬ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਲਾਕੇ ਅੰਦਰ ਲਗਾਤਾਰ ਵਿਗੜਦੀ ਅਮਨ ਕਨੂੰਨ ਦੀ ਹਾਲਤ, ਨਸ਼ਿਆਂ ਰਾਹੀਂ ਜਵਾਨੀ ਦਾ ਹੋ ਰਿਹਾ ਘਾਣ ਅਤੇ ਹਲਕਾ ਵਧਾਇਕ ਦੇ ਦਬਾਅ ਸਦਕਾ ਲਗਾਤਾਰ ਮਹੀਨਿਆਂ ਤੋਂ ਲਟਕਦੇ ਆ ਰਹੇ ਮਸਲਿਆਂ ਨੂੰ ਹੱਲ ਨਾ ਕਰਨ ਸਗੋਂ ਉਲਝਾਉਣ ਵਿਰੁੱਧ ਹਲਕਾ ਵਿਧਾਇਕ ਦੇ ਪੁਤਲੇ 28 ਤਰੀਕ ਤੱਕ ਸਾੜੇ ਜਾਣਗੇ। 29 ਜਨਵਰੀ ਨੂੰ ਵਿਸ਼ਾਲ ਧਰਨਾ ਡੀਐੱਸਪੀ ਗੋਇੰਦਵਾਲ ਸਾਹਿਬ ਦਿੱਤਾ ਜਾਵੇਗਾ ਤਾਂ ਕਿ ਆਮ ਲੋਕਾਂ ਨੂੰ ਇਨਸਾਫ ਦਵਾਇਆ ਜਾ ਸਕੇ। ਐੱਮਐੱਲਏ ਦੇ ਦਬਾਅ ਹੇਠ ਲੋਕਾਂ ਉਪਰ ਕੀਤੇ ਝੂਠੇ ਪਰਚੇ ਰੱਦ ਕਰਵਾਏ ਜਾਣ, ਪੈਂਡਿੰਗ ਪਈਆਂ ਦਰਖਾਸਤਾਂ ਤੇ ਕਾਰਵਾਈ ਕਰਵਾਈ ਜਾ ਸਕੇ। ਇਸ ਸਮੇਂ ਦਾਰਾ ਸਿੰਘ ਮੁੰਡਾ ਪਿੰਡ, ਲਖਬੀਰ ਸਿੰਘ, ਲੁਹਾਰ ਸਿੰਘ, ਸੁਰਜੀਤ ਸਿੰਘ, ਸਰਵਣ ਸਿੰਘ, ਸੁਖਵੰਤ ਸਿੰਘ ਛਾਪੜੀ ਸਾਹਿਬ, ਸਾਹਿਬ ਸਿੰਘ ਚੱਕ ਮਹਿਲ, ਜੰਗ ਬਹਾਦਰ ਸਿੰਘ, ਨਰਿੰਦਰ ਸਿੰਘ, ਨਛੱਤਰ ਸਿੰਘ ਤੁੜ, ਇੰਦਰਜੀਤ ਸਿੰਘ, ਝਿਲਮਣ ਸਿੰਘ, ਬਲਜੀਤ ਸਿੰਘ ਕੱਲਾ, ਬਾਬਾ ਦਿਆਲ ਸਿੰਘ ਦੀਨੇਵਾਲ, ਮਾਸਟਰ ਸਰਬਜੀਤ ਸਿੰਘ ਭਰੋਵਾਲ, ਰੂਪ ਸਿੰਘ, ਸ਼ੰਕਰ ਸਿੰਘ ਧੂੰਦਾ, ਬੌਬੀ, ਮੋਹਣ ਕੁਮਾਰ, ਬਲਵਿੰਦਰ ਸਿੰਘ, ਸੋਨੂੰ ਮੱਲ੍ਹੀ, ਤਰਸੇਮ ਸਿੰਘ, ਜਗੀਰ ਸਿੰਘ, ਜਗਤਾਰ ਸਿੰਘ, ਸੁਖਵਿੰਦਰ ਸਿੰਘ, ਬਲਜੀਤ ਸਿੰਘ ਆਦਿ ਹਾਜ਼ਰ ਸਨ।

### ਪਿੰਡ ਬੱਲ ਬਾਵਾ ਵਿਖੇ ਫਲਦਾਰ ਤੇ ਫੁੱਲਦਾਰ ਪੌਦੇ ਲਗਾਏ




**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਸ੍ਰੀ ਗੁਰੂ ਰਾਮਦਾਸ ਡਿਗਰੀ ਕਾਲਜ ਪੰਧੇਰ ਦੇ ਐੱਨ. ਐੱਸ. ਐੱਸ. ਵਲੰਟੀਅਰਾਂ ਵਲੋਂ ਪਿੰਡ ਬੱਲ ਬਾਵਾ ਵਿਖੇ ਲਗਾਏ ਗਏ ਕੈਂਪ ਦੌਰਾਨ ਪਿੰਡ ਦੇ ਸਰਕਾਰੀ ਸਕੂਲ ਅਤੇ ਹੋਰ ਸਾਂਝੀਆਂ ਥਾਵਾਂ 'ਤੇ ਫਲਦਾਰ ਅਤੇ ਫੁੱਲਦਾਰ ਬੂਟੇ ਲਗਾਏ ਗਏ।ਕਾਲਜ ਦੇ ਪ੍ਰਿੰਸੀਪਲ ਅਨਮੋਲਦੀਪ ਕੌਰ ਨੇ ਦੱਸਿਆ ਕਿ ਕੈਂਪ ਵਿੱਚ ਕੀਤੇ ਜਾ ਰਹੇ ਵੱਖ-ਵੱਖ ਕੰਮਾਂ ਦੇ ਤਹਿਤ ਅੱਜ ਐੱਨ. ਐੱਸ. ਐੱਸ. ਵਲੰਟੀਅਰਾਂ ਵੱਲੋਂ ਬੂਟੇ ਲਗਾਏ ਗਏ ਅਤੇ ਪਿੰਡ ਵਾਸੀਆਂ ਨੂੰ ਰੁੱਖਾਂ ਦੀ ਸਾਂਭ ਸੰਭਾਲ ਅਤੇ ਉਨ੍ਹਾਂ ਦੀ ਮਨੁੱਖੀ ਜ਼ਿੰਦਗੀ ਵਿੱਚ ਮਹੱਤਤਾ ਬਾਰੇ ਜਾਗਰੂਕ ਕੀਤਾ ਗਿਆ।ਪਿੰਡ ਵਾਸੀਆਂ ਨੂੰ ਗਲੋਬਲ ਵਾਰਮਿੰਗ ਵਿੱਚ ਹੋ ਰਹੇ ਬਦਲਾਵ ਨਾਲ ਵਾਤਾਵਰਨ ਵਿੱਚ ਆ ਰਹੀ ਤਬਦੀਲੀ ਬਾਰੇ ਦੱਸਿਆ ਗਿਆ।ਉਨ੍ਹਾਂ ਪਿੰਡ ਵਾਸੀਆਂ ਨੂੰ ਦੱਸਿਆ ਕਿ ਗਲੋਬਲ ਵਰਮਿੰਗ ਨੂੰ ਸਿਰਫ ਵੱਧ ਤੋਂ ਵੱਧ ਰੁੱਖ ਲਗਾ ਕੇ ਹੀ ਰੋਕਿਆ ਜਾ ਸਕਦਾ ਹੈ।ਇਸ ਲਈ ਸਾਨੂੰ ਸਭ ਨੂੰ ਜਿੱਥੇ ਰੁੱਖ ਲਗਾਉਣੇ ਚਾਹੀਦੇ ਹਨ, ਉਥੇ ਹੀ ਉਨ੍ਹਾਂ ਦੀ ਸਾਂਭ-ਸੰਭਾਲ ਵੀ ਕਰਨੀ ਚਾਹੀਦੀ ਹੈ।

## ਪਾਰਟੀ ਦੇ ਜ਼ਿਲ੍ਹਾ ਪੱਧਰੀ ਵਿਸਥਾਰ ਨੂੰ ਲੈ ਕੇ ਲਿਬਰੇਸ਼ਨ ਨੇ ਕੀਤੀ ਮੀਟਿੰਗ



ਬਟਾਲਾ (ਤਰਲੋਕ ਬੱਗਾ)-ਫੈਜ਼ਪੁਰਾ ਰੋਡ ਵਿਖੇ ਸੀਪੀਆਈਐੱਮਐੱਲ ਲਿਬਰੇਸ਼ਨ ਦੀ ਜ਼ਿਲ੍ਹਾ ਪੱਧਰੀ ਵਿਸਥਾਰੀ ਮੀਟਿੰਗ ਕੀਤੀ ਗਈ।ਮੀਟਿੰਗ ਵਿੱਚ ਬੋਲਦਿਆਂ ਲਿਬਰੇਸ਼ਨ ਦੇ ਜ਼ਿਲ੍ਹਾ ਸਕੱਤਰ ਗੁਲਜਾਰ ਸਿੰਘ ਭੁੰਬਲੀ, ਸੁਖਦੇਵ ਸਿੰਘ ਭਾਗੋਕਾਵਾਂ, ਅਸ਼ਵਨੀ ਕੁਮਾਰ ਲੱਖਣ ਕਲਾਂ ਅਤੇ ਲਿਬਰੇਸ਼ਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਦੱਸਿਆ ਕਿ ਮੀਟਿੰਗ ਵਿੱਚ ਤੈਅ ਕੀਤਾ ਗਿਆ ਕਿ ਅਗਲੇ 10 ਦਿਨਾਂ ਵਿੱਚ ਇੱਕ ਮੁਹਿੰਮ ਦੇ ਤੌਰ 'ਤੇ ਪਾਰਟੀ ਦੀ ਮੈਂਬਰਸ਼ਿਪ ਮੁਕੰਮਲ ਕੀਤੀ ਜਾਵੇਗੀ।

ਫਰਵਰੀ ਦੇ ਪਹਿਲੇ ਦੋ ਹਫਤਿਆਂ ਵਿੱਚ ਇਲਾਕਾ ਇਜਲਾਸ ਕਰਨ ਤੋਂ ਬਾਅਦ ਫਰਵਰੀ ਦੇ ਆਖਰ ਵਿੱਚ ਜ਼ਿਲਾ ਇਜਲਾਸ ਕੀਤਾ ਜਾਵੇਗਾ।ਮੀਟਿੰਗ ਵਿੱਚ ਪੰਜਾਬ ਅਤੇ ਦੇਸ਼ ਦੀ ਰਾਜਨੀਤਿਕ ਹਾਲਤ ਉਪਰ ਚਰਚਾ ਕਰਦਿਆਂ ਮੋਦੀ ਸਰਕਾਰ ਉਪਰ ਦੇਸ਼ ਅਤੇ ਖਾਸ ਕਰ ਪੰਜਾਬ ਦੇ ਫੈਡਰਲ ਢਾਂਚੇ ਨੂੰ ਵੱਡੀ ਢਾਹ ਲਾਉਣ ਦੇ ਦੋਸ਼ ਲਾਏ ਹਨ।ਖੇਤੀ ਖੇਤਰ ਵਿੱਚ ਕੇਂਦਰ ਸਰਕਾਰ ਦਾ ਸਿੱਧਾ ਦਖਲ ਬਣਾਉਣ ਲਈ ਖੇਤੀ ਮੰਡੀਕਰਨ ਨੀਤੀ ਦੇ ਖਰੜੇ ਤੋਂ ਬਾਅਦ ਯੂਨੀਵਰਸਿਟੀ ਗ੍ਰਾਂਟ ਕਮਿਸ਼ਨ ਵੱਲੋਂ ਭੇਜੇ ਗਏ ਖਰੜੇ ਵਿੱਚ ਰਾਜ ਸਰਕਾਰਾਂ ਤੋਂ ਆਪਣੇ ਵੀਸੀ ਅਤੇ ਯੂਨੀਵਰਸਿਟੀ ਵਿੱਚ ਪ੍ਰੋਫੈਸਰ ਲਾਉਣ ਤੱਕ ਦੇ ਅਧਿਕਾਰ ਖੋਹ ਕੇ ਕੇਂਦਰ ਸਰਕਾਰ ਅਤੇ ਗਵਰਨਰਾਂ ਨੂੰ ਦੇਣ ਦੀ ਤੇਜਵੀਜ਼ ਰੱਖੀ ਗਈ ਹੈ ਜਿਸ ਦਾ ਸਿੱਧਾ ਸਿੱਧਾ ਅਰਥ ਹੈ ਕਿ ਮੋਦੀ ਸਰਕਾਰ ਦੇਸ਼ ਵਿੱਚ ਸਿੱਖਿਆ ਦਾ ਭਗਵਾਂਕਰਨ ਕਰਨ ਦੀ ਨੀਤੀ 'ਤੇ ਚੱਲ ਰਹੀ ਹੈ।

ਆਗੂਆਂ ਦੋਸ਼ ਲਾਇਆ ਕਿ ਵੀ ਸੀ ਤੇ ਪ੍ਰੋਫੈਸਰ ਲੱਗਣ ਵਾਲਿਆਂ ਨੂੰ ਮੋਦੀ ਸਰਕਾਰ ਅਤੇ ਆਰਐੱਸਐੱਸ ਨਾਗਪੁਰ ਦਾ ਰਸਤਾ ਦਿਖਾ ਰਹੀ ਹੈ। ਹੈਰਾਨੀ ਤਾਂ ਇਸ ਗੱਲ ਹੈ ਕਿ ਵੀ ਸੀ ਲੱਗਣ ਲਈ ਪੜ੍ਹਾਈ ਦੀ ਯੋਗਤਾ ਨਹੀਂ ਦੇਖੀ ਜਾਵੇਗੀ ਬਲਕਿ ਕੋਈ ਵੀ 10 ਸਾਲ ਤੋਂ ਚਲਾ ਰਹੇ ਕਾਰਖ਼ਾਨੇ ਦਾ ਮਾਲਕ, ਰਿਟਾਇਰਡ ਐਗਜੈਕਟਿਵ ਅਫਸਰ ਅਤੇ ਫੌਜੀ ਰਿਟਾਇਰਡ ਕਰਨਲ ਤੋਂ ਉਪਰ ਦਾ ਕੋਈ ਵੀ ਅਫਸਰ ਕਿਸੇ ਵੀ ਯੂਨੀਵਰਸਿਟੀ ਦਾ ਵੀਸੀ ਲਾਇਆ ਜਾ ਸਕਦਾ ਹੈ ਜਿਸ ਦਾ ਅਰਥ ਹੈ ਕਿ ਭਾਰਤ ਸਰਕਾਰ ਨੇ ਅਤੇ ਆਰਐੱਸਐੱਸ ਆਪਣੇ ਵੱਲੋਂ ਲਾਏ ਗਏ ਵੀਸੀਆਂ ਰਾਹੀਂ ਵਿਦਿਆਰਥੀਆਂ ਉੱਪਰ ਆਪਣੀ ਮਨ ਮਰਜ਼ੀ ਦੀ ਵਿਚਾਰਧਾਰਾ ਵਾਲੀ ਸਿੱਖਿਆ ਨੂੰ ਥੋਪਣ ਦਾ ਮਨਸੂਬਾ ਤੈਅ ਕਰ ਲਿਆ ਹੈ।

ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਤ ਹੋਈ ਹੈ।ਮੀਟਿੰਗ ਵਿੱਚ ਅਸ਼ਵਨੀ ਕੁਮਾਰ ਹੈਪੀ, ਦਰਸ਼ਨ ਸਿੰਘ ਖਰੋਟਾ, ਗੋਪਾਲ ਕਿਸ਼ਨ ਪਾਲਾ, ਹਰਜਿੰਦਰ ਪਿੰਟਾ, ਬਲਬੀਰ ਸਿੰਘ ਉੱਚਾ ਧਕਾਲਾ, ਜਿੰਦਾ ਛੀਨਾ, ਵਿਜੇ ਸੋਹਲ, ਦਲਬੀਰ ਭੋਲਾ ਮਲਕਵਾਲ ਅਤੇ ਸਤਨਾਮ ਸਿੰਘ ਚੱਕ ਭੰਗਵਾਂ ਅਤੇ ਹੋਰ ਹਾਜ਼ਰ ਸਨ।

### ਪਿੰਡ ਨੂੰ ਹਰ ਪੱਖ ਤੋਂ ਵਿਕਾਸ ਦੇ ਰਾਹ ਵੱਲ ਤੋਰਿਆ ਜਾਵੇਗਾ : ਕਮਲਜੀਤ ਸਿੰਘ



ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)-ਪਿੰਡ ਨੂੰ ਹਰ ਪੱਖ ਤੋਂ ਵਿਕਾਸ ਦੇ ਰਾਹ ਵੱਲ ਤੋਰਿਆ ਜਾਵੇਗਾ ਅਤੇ ਵਿਕਾਸ ਪੱਖੋਂ ਕੋਈ ਵੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਹਰੇਕ ਪਿੰਡ ਵਾਸੀ ਦੀ ਪਹਿਲ ਦੇ ਆਧਾਰ ਤੇ ਮਦਦ ਕੀਤੀ ਜਾਵੇਗੀ ਤੇ ਬਿਨਾਂ ਕਿਸੇ ਪੱਖਪਾਤ ਤੋਂ ਪਿੰਡ ਦੇ ਵਿਕਾਸ ਕਾਰਜ ਕਰਵਾਏ ਜਾਣਗੇ ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਵਿਧਾਨ ਸਭਾ ਹਲਕਾ ਕਾਦੀਆਂ ਅਧੀਨ ਪੈਂਦੇ ਪਿੰਡ ਘੁਕਲਾ ਤੋਂ ਸਰਪੰਚ ਕਮਲਜੀਤ ਸਿੰਘ ਪੁੱਤਰ ਮੇਹਰ ਸਿੰਘ ਦੇ ਵੱਲੋਂ ਕੀਤਾ ਗਿਆ।ਗੱਲਬਾਤ ਦੌਰਾਨ ਸਰਪੰਚ ਕਮਲਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੇ ਹਮੇਸ਼ਾ ਹੀ ਪਿੰਡ ਦੀ ਭਲਾਈ ਲਈ ਕੰਮ ਕੀਤੇ ਹਨ ਅਤੇ ਹਮੇਸ਼ਾ ਹੀ ਪਿੰਡ ਵਿੱਚ ਵਿਕਾਸ ਪੱਖੋਂ ਕੋਈ ਕਮੀ ਨਹੀਂ ਆਉਣ ਦਿੱਤੀ ਅਤੇ ਹੁਣ ਵੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।ਹਰੇਕ ਪਿੰਡ ਵਾਸੀ ਦਾ ਪੂਰਾ ਮਾਣ ਸਤਿਕਾਰ ਕੀਤਾ ਜਾਵੇਗਾ।ਉਨ੍ਹਾਂ ਦਾ ਕਹਿਣਾ ਹੈ ਕਿ ਕਿ ਉਨ੍ਹਾਂ ਦਾ ਮੁੱਖ ਮਕਸਦ ਹੈ ਕਿ ਪਿੰਡ ਦੇ ਲੋਕਾਂ ਦੀ ਸੇਵਾ ਕਰਨੀ ਅਤੇ ਪਿੰਡ ਨੂੰ ਬੁਲੰਦੀਆਂ ਤੇ ਪਹੁੰਚਾਉਣਾ ।ਉਨ੍ਹਾਂ ਨੇ ਆਪਣੇ ਪਿੰਡ ਵਾਸੀਆਂ ਸਮੇਤ ਆਪਣੇ ਵੋਟਰਾਂ ਸਪੋਰਟਰਾਂ ਤੇ ਸਮਰਥਕਾਂ ਦਾ ਤਹਿ ਦਿਲ ਤੋਂ ਧੰਨਵਾਦ ਕੀਤਾ ਤੇ ਕਿਹਾ ਕਿ ਉਨ੍ਹਾਂ ਦੇ ਘਰ ਦੇ ਦਰਵਾਜ਼ੇ ਪਿੰਡ ਦੇ ਵੋਟਰਾਂ ਸਪੋਰਟਰਾਂ ਤੇ ਸਮਰਥਕਾਂ ਦੇ ਲਈ 24 ਘੰਟੇ ਖੁੱਲ੍ਹੇ ਹਨ।ਹਮੇਸ਼ਾ ਹੀ ਖੁੱਲ੍ਹੇ ਰਹਿਣਗੇ ।ਇਸ ਮੌਕੇ ਸਰਪੰਚ ਕਮਲਜੀਤ ਸਿੰਘ ਦੇ ਨਾਲ ਮੈਂਬਰ ਸਾਹਿਬ ਸਿੰਘ, ਮੈਂਬਰ ਅਨੁਰਾਧਾ, ਮੈਂਬਰ ਸੰਗਮ ਕੁਮਾਰ ਅਤੇ ਸੁਰਜੀਤ ਸਿੰਘ, ਗੁਰਜੀਤ ਸਿੰਘ, ਕੁਲਦੀਪ ਸਿੰਘ, ਮਨਜੀਤ ਸਿੰਘ, ਰਾਜਨ ਸਿੰਘ, ਸਾਬਕਾ ਸਰਪੰਚ ਕਰਨੈਲ ਸਿੰਘ, ਰਵਿੰਦਰ ਕੁਮਾਰ, ਰਜੇਸ਼ ਕੁਮਾਰ, ਰਕੇਸ਼ ਕੁਮਾਰ, ਸਰੋਜ ਕੁਮਾਰ, ਤਿਲਕ ਰਾਜ, ਨਰਿੰਦਰ ਕੁਮਾਰ, ਸ਼ਾਹਬਾਜ਼ ਸਿੰਘ, ਪ੍ਰਹਿਲਾਦ ਸਿੰਘ, ਦਰਬਾਰਾ ਸਿੰਘ, ਮੋਹਨ ਸਿੰਘ ਆਦਿ ਵੋਟਰ ਸਪੋਰਟਰ ਤੇ ਸਮਰਥਕ ਹਾਜ਼ਰ ਸਨ।

## ਕਿਸਾਨ ਜਥੇਬੰਦੀ ਨੇ 'ਆਪ' ਮੰਤਰੀ ਭੁੱਲਰ ਦਾ ਪੁਤਲਾ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ



**ਤਰਨ ਤਾਰਨ (ਪ੍ਰਿਤਪਾਲ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ਿਲ੍ਹਾ ਤਰਨ ਤਾਰਨ ਦੇ ਪ੍ਰਧਾਨ ਤੇ ਸੂਬਾ ਆਗੂ ਸਤਨਾਮ ਸਿੰਘ ਮਾਣੋਚਾਹਲ, ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ ਅਤੇ ਸੂਬਾ ਆਗੂ ਤੇ ਜ਼ਿਲ੍ਹਾ ਸਕੱਤਰ ਹਰਜਿੰਦਰ ਸਿੰਘ ਸ਼ਕਰੀ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਤਰਨ ਤਾਰਨ ਵਿੱਚ ਅਨੇਕਾਂ ਥਾਵਾਂ 'ਤੇ ਆਪ ਮੰਤਰੀ ਲਾਲਜੀਤ ਭੁੱਲਰ ਦਾ ਪੁਤਲਾ ਫੂਕ ਕੇ ਕੀਤਾ ਰੋਸ ਪ੍ਰਦਰਸ਼ਨ ਕੀਤਾ ਗਿਆ।ਵੱਖ ਵੱਖ ਥਾਵਾਂ ਤੋਂ ਸੰਬੋਧਨ ਕਰਦਿਆਂ ਵੱਖ ਵੱਖ ਬੁਲਾਰਿਆਂ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਨੂਰਦੀ, ਦਿਆਲ ਸਿੰਘ ਮੀਆਂਵਿੰਡ, ਰੇਸ਼ਮ ਸਿੰਘ ਘੁਰਕਵਿੰਡ, ਬਲਵਿੰਦਰ ਸਿੰਘ ਚੋਹਲਾ ਸਾਹਿਬ, ਹਰਬਿੰਦਰਜੀਤ ਸਿੰਘ ਕੰਗ, ਫਤਿਹ ਸਿੰਘ ਪਿੱਦੀ ਨੇ ਕਿਹਾ ਕਿ ਪ੍ਰਸ਼ਾਸਨ ਤੇ ਆਪ ਮੰਤਰੀ ਲਾਲਜੀਤ ਸਿੰਘ ਭੁੱਲਰ ਦਾ ਦਬਾਅ ਹੋਣ ਕਰਕੇ ਪ੍ਰਸ਼ਾਸਨ ਵੱਲੋਂ ਪੀੜਿਤ ਬਿਰਧ ਮਾਤਾ ਬਲਬੀਰ ਕੌਰ ਰੂੜੀ ਵਾਲੇ ਦੀ ਕੋਈ ਵੀ ਸੁਣਵਾਈ ਨਹੀਂ ਕੀਤੀ ਜਾ ਰਹੀ। ਚਾਰ ਏਕੜ ਜੋ ਕਿ ਬਿਰਧ ਮਾਤਾ ਦੀ ਜੱਦੀ ਜ਼ਮੀਨ ਹੈ, ਨੂੰ ਆਪ ਮੰਤਰੀ ਦੇ ਨਜ਼ਦੀਕੀ ਵਿਅਕਤੀਆਂ ਵੱਲੋਂ ਧੱਕੇ ਨਾਲ ਵਾਹੁਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਜਿਸ ਦੇ ਚਲਦਿਆਂ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਕੋਈ ਵੀ ਇਲਾਕੇ ਦਾ ਆਮ ਆਦਮੀ ਬਿਰਧ ਮਾਤਾ ਦੀ ਪੈਲੀ ਠੇਕੇ 'ਤੇ ਲੈਣ ਤੋਂ ਡਰ ਰਿਹਾ ਹੈ। ਵਿਰੋਧੀ ਧੜੇ ਵੱਲੋਂ ਹਥਿਆਰਾਂ ਦੇ ਦਮ 'ਤੇ ਲੋਕਾਂ ਨੂੰ ਪੈਲੀ ਠੇਕੇ 'ਤੇ ਲੈਣ ਤੋਂ ਰੋਕਿਆ ਜਾ ਰਿਹਾ ਹੈ। ਪਰ ਪ੍ਰਸ਼ਾਸਨ ਵੱਲੋਂ ਕੋਈ ਵੀ ਕਾਰਵਾਈ ਨਹੀਂ ਕੀਤੀ ਜਾ ਰਹੀ। ਲਗਾਤਾਰ ਥਾਣਾ ਚੋਹਲਾ ਸਾਹਿਬ ਵਿਖੇ ਕਿਸਾਨਾਂ ਵੱਲੋਂ ਧਰਨਾ ਲਗਾ ਕੇ ਰੋਸ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ ਪਰ ਪ੍ਰਸ਼ਾਸਨ ਕੋਈ ਵੀ ਕਾਰਵਾਈ ਨਹੀਂ ਕਰ ਰਿਹਾ। ਬਿਰਧ ਮਾਤਾ ਪਿਛਲੇ ਸਮੇਂ ਤੋਂ ਗੁਰਦੁਆਰੇ ਵਿੱਚ ਰਹਿ ਕੇ ਆਪਣਾ ਜੀਵਨ ਬਸਰ ਕਰ ਰਹੀ ਹੈ। ਆਪਣੀ ਜੱਦੀ ਜ਼ਮੀਨ ਹੋਣ ਦੇ ਬਾਵਜੂਦ ਮਾਤਾ ਦੋ ਵਕਤ ਦੀ ਰੋਟੀ ਤੋਂ ਮੁਨਕਰ ਹੈ। ਮਾਤਾ ਗੁਰਦੁਆਰੇ ਵਿੱਚ ਸੇਵਾ ਕਰਕੇ ਉਥੋਂ ਹੀ ਪ੍ਰਸ਼ਾਦਾ ਛਕਦੇ ਹਨ। ਕਿਸਾਨ ਆਗੂਆਂ ਕਿਹਾ ਕਿ ਹੁਣ ਤਾਂ ਇਸ ਤਰ੍ਹਾਂ ਲੱਗ ਰਿਹਾ ਹੈ ਉਲਟੀ ਵਾੜ ਹੀ ਖੇਤ ਨੂੰ ਖਾ ਰਹੀ ਹੈ।

ਜਿਹੜੀ ਸਰਕਾਰ ਨੇ ਲੋਕਾਂ ਨੂੰ ਨਿਆਂ ਦਿਵਾਉਣਾ ਹੈ ਜਦ ਉਹ ਹੀ ਸਰਕਾਰ ਲੋਕਾਂ ਦੀਆਂ ਪੈਲੀਆਂ 'ਤੇ ਜਬਰੀ ਕਬਜ਼ੇ ਕਰਵਾਉਣ ਲੱਗ ਜਾਏ ਤਾਂ ਇਸ ਤੋਂ ਹੋਰ ਮਾੜਾ ਸਮਾਂ ਕਿਹੜਾ ਹੋ ਸਕਦਾ ਹੈ। ਇਹਨਾਂ ਸਾਰੀਆਂ ਗੱਲਾਂ ਨੂੰ ਵਿਚਾਰਦੇ ਹੋਏ ਕਿਸਾਨ ਆਗੂਆਂ ਨੇ ਫੈਸਲਾ ਲਿਆ ਕਿ ਬੀਬੀ ਬਲਬੀਰ ਕੌਰ ਨੂੰ ਨਿਆਂ ਦਿਵਾਉਣ ਤੱਕ ਲੜਦੇ ਰਹਾਂਗੇ। ਅੱਜ ਲਾਲਜੀਤ ਭੁੱਲਰ ਦਾ ਪੁਤਲਾ ਸਾੜ ਕੇ ਸ਼ਾਂਤਮਈ ਵਿਰੋਧ ਕੀਤਾ । ਕੱਲ੍ਹ ਨੂੰ ਡੀ ਸੀ ਦਫਤਰ ਅਤੇ ਐਸ ਐਸ ਪੀ ਦਫਤਰ ਅੱਗੇ ਧਰਨਾ ਲਗਾ ਕੇ ਵਿਰੋਧ ਕਰਾਂਗੇ। ਜੇਕਰ ਸੁੱਤੇ ਹੋਏ ਪ੍ਰਸ਼ਾਸਨ ਅਤੇ ਆਪ ਸਰਕਾਰ ਨੇ ਬਿਰਧ ਮਾਤਾ ਨੂੰ ਜਲਦੀ ਕੋਈ ਇਨਸਾਫ ਨਾ ਦਿੱਤਾ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਏਗਾ ਤੇ ਇਸ ਦਾ ਜ਼ਿੰਮੇਵਾਰ ਪ੍ਰਸ਼ਾਸਨ ਹੋਵੇਗਾ।

## ਪੰਜਾਬੀ ਮਾਂ ਬੋਲੀ ਦਾ ਝੰਡਾ ਬੁਲੰਦ ਕਰਨ ਦੇ ਅਹਿਦ ਨਾਲ 34ਵੀਂ ਵਿਸ਼ਵ ਪੰਜਾਬੀ ਕਾਨਫਰੰਸ ਸੰਪੰਨ

### * ਅਨੀਤਾ ਸਬਦੀਸ਼ ਦੇ ਨਾਟਕ 'ਗੁੰਮਸ਼ੁਦਾ ਔਰਤ' ਨੇ ਔਰਤਾਂ ਦੇ ਸਸ਼ਕਤੀਕਰਨ ਕਰਨ ਦਾ ਸੱਦਾ ਦਿੱਤਾ



**ਅੰਮ੍ਰਿਤਸਰ (ਨਰਿੰਦਰ ਜੀਤ ਸਿੰਘ)**-ਪੰਜਾਬੀ ਮਾਂ ਬੋਲੀ ਦਾ ਝੰਡਾ ਬੁਲੰਦ ਕਰਨ ਅਤੇ ਇਸ ਦੇ ਪ੍ਰਚਾਰ ਤੇ ਪਸਾਰ ਲਈ ਸੁਹਿਰਦ ਯਤਨ ਕਰਨ ਦੇ ਅਹਿਦ ਨਾਲ ਲਾਹੌਰ ਵਿਖੇ ਚੱਲ ਰਹੀ ਤਿੰਨ ਰੋਜ਼ਾ 34ਵੀਂ ਵਿਸ਼ਵ ਪੰਜਾਬੀ ਕਾਨਫਰੰਸ ਸੰਪੰਨ ਹੋ ਗਈ।ਕਾਨਫਰੰਸ ਦੇ ਮੁੱਖ ਪ੍ਰਬੰਧਕ ਤੇ ਸਾਬਕਾ ਵਜ਼ੀਰ ਫ਼ਖਰ ਜ਼ਮਾਨ ਨੇ ਸਮਾਪਤੀ ਸੈਸ਼ਨ ਦੌਰਾਨ ਵਫ਼ਦ ਵਿੱਚ ਸ਼ਾਮਲ ਸਾਰੇ ਮੈਂਬਰਾਂ ਨੂੰ ਮੈਡਲ ਤੇ ਸਰਟੀਫਿਕੇਟ ਨਾਲ ਸਨਮਾਨਤ ਕੀਤਾ।ਪ੍ਰਧਾਨਗੀ ਮੰਡਲ ਵਿੱਚ ਬੈਠੇ ਫ਼ਖਰ ਜ਼ਮਾਨ ਨੇ ਡਾ. ਦੀਪਕ ਮਨਮੋਹਨ ਸਿੰਘ, ਸਹਿਜਪ੍ਰੀਤ ਸਿੰਘ ਮਾਂਗਟ ਤੇ ਗੁਰਭਜਨ ਸਿੰਘ ਗਿੱਲ ਨੇ ਚਾਲੀ ਸਾਲਾਂ ਤੋਂ ਚੱਲ ਰਹੇ ਕਾਨਫਰੰਸਾਂ ਦੇ ਸਿਲਸਿਲੇ ਨੂੰ ਕਾਮਯਾਬ ਕਰਨ ਲਈ ਉਪਰਾਲੇ ਕਰਨ ਵਾਲੀਆਂ ਸ਼ਖ਼ਸੀਅਤਾਂ ਨੂੰ ਯਾਦ ਕੀਤਾ।ਆਉਣ ਵਾਲੇ ਸਮੇਂ ਵਿੱਚ ਕਾਨਫਰੰਸ ਦਾ ਦਾਇਰਾ ਵਧਾਉਣ ਅਤੇ ਸਾਲ ਵਿੱਚ ਨਿਰੰਤਰ ਕਰਵਾਉਣ ਦੀ ਗੱਲ ਵੀ ਕੀਤੀ। ਕਾਨਫਰੰਸ ਇੱਕ ਪੁਲ ਦਾ ਕੰਮ ਕਰ ਰਹੀ ਹੈ ਜਿਸ ਨਾਲ ਸਾਰੇ ਪੰਜਾਬੀ ਇਕੱਠੇ ਹੋ ਕੇ ਪੰਜਾਬ, ਪੰਜਾਬੀ ਤੇ ਪੰਜਾਬੀਅਤ ਦਾ ਝੰਡਾ ਬੁਲੰਦ ਕਰਦੇ ਹਨ।ਡਾ. ਸੁਰਿੰਦਰ ਸਿੰਘ ਸੰਘਾ ਨੇ ਸਮਾਪਤੀ ਸੈਸ਼ਨ ਦੌਰਾਨ ਤਿੰਨ ਰੋਜ਼ਾ ਕਾਨਫਰੰਸ ਬਾਰੇ ਮੁਲਾਂਕਣ ਪਰਚਾ ਪੜ੍ਹਦਿਆਂ ਕਿਹਾ ਕਿ ਸੂਫੀਇਜ਼ਮ ਦੇ ਵਿਸ਼ੇ ਉਪਰ ਕਰਵਾਈ ਇਸ ਕਾਨਫਰੰਸ ਦੌਰਾਨ ਦੋਵੇਂ ਪੰਜਾਬਾਂ ਦੀ ਆਪਸੀ ਸਾਂਝ ਤੇ ਭਾਈਵਾਲੀ ਦਾ ਸੰਦੇਸ਼ ਦਿੱਤਾ ਗਿਆ।ਸਾਹਿਤਕ, ਸੱਭਿਆਚਾਰਕ, ਮੁਸ਼ਾਇਰਾ ਅਤੇ ਪੁਸਤਕ ਰਿਲੀਜ਼ ਸਮੇਤ ਹੋਏ ਵੱਖ-ਵੱਖ ਸੈਸ਼ਨਾਂ ਦੌਰਾਨ ਲਏ ਗਏ ਅਹਿਦ ਨੂੰ ਅੱਗੇ ਤੋਰਨ ਲਈ ਸਿਰਤੋੜ ਯਤਨ ਜਾਰੀ ਰੱਖਣ ਦੀ ਗੱਲ ਆਖੀ ਗਈ।ਅਲ ਹਮਰਾ ਸੈਂਟਰ ਵਿਖੇ ਸਮਾਪਤੀ ਮੌਕੇ ਕਰਵਾਏ ਸੱਭਿਆਚਾਰਕ ਤੇ ਸੰਗੀਤਕ ਪ੍ਰੋਗਰਾਮ ਦੌਰਾਨ ਅਨੀਤਾ ਸਬਦੀਸ਼ ਵੱਲੋਂ ਸਵਾ ਘੰਟੇ ਦੇ ਇੱਕ ਪਾਤਰੀ ਨਾਟਕ 'ਗੁੰਮਸ਼ੁਦਾ ਔਰਤ' ਨੇ ਔਰਤਾਂ ਦੇ ਸਸ਼ਕਤੀਕਰਨ ਕਰਨ ਦਾ ਸੱਦਾ ਦਿੱਤਾ।ਸੰਗੀਤਕ ਪ੍ਰੋਗਰਾਮ ਦੌਰਾਨ ਦੋਵੇਂ ਪੰਜਾਬਾਂ ਦੇ ਚੋਟੀ ਦੇ ਫਨਕਾਰਾਂ ਅਕਰਮ ਰਾਹੀ, ਪੰਮੀ ਬਾਈ, ਡੌਲੀ ਗੁਲੇਰੀਆ, ਸੁੱਖੀ ਬਰਾੜ, ਆਰਿਫ ਲੋਹਾਰ, ਇਮਰਾਨ ਸ਼ੌਕਤ ਅਲੀ ਤੇ ਸਤਨਾਮ ਨੇ ਆਪੋ-ਆਪਣੀਆਂ ਪੇਸ਼ਕਾਰੀਆਂ ਨਾਲ ਸਮਾਂ ਬੰਨ੍ਹਿਆ।ਪੰਮੀ ਬਾਈ ਦੇ ਗੀਤਾਂ ਉਪਰ ਸਾਰਾ ਹਾਲ ਝੂੰਮ ਉਠਿਆ।ਕਾਨਫਰੰਸ ਦੇ ਸਮਾਪਤੀ ਸੈਸ਼ਨ ਵਿੱਚ ਲਹਿੰਦੇ ਪੰਜਾਬ ਦੀ ਸ਼ਾਇਰਾ ਬੁਸ਼ਰਾ ਏਜਾਜ਼ ਦੀ ਪੁਸਤਕ 'ਮੈਂ ਪੂਣੀ ਕੱਤੀ ਰਾਤ ਦੀ' ਦਾ ਗੁਰਮੁੱਖੀ ਐਡੀਸ਼ਨ ਵੀ ਰਿਲੀਜ਼ ਕੀਤਾ ਗਿਆ।

24-jan-PAGE-4.qxd 1/23/2025 10:52 PM Page 1

ਨਵਾਂ ਜ਼ਮਾਨਾ

ਸ਼ੁੱਕਰਵਾਰ, 24 ਜਨਵਰੀ 2025

# ਈ ਡੀ ਨੂੰ ਫਿਰ ਫਟਕਾਰ

ਵਿਰੋਧੀ ਧਿਰਾਂ ਇਹ ਦੋਸ਼ ਲਾਉਂਦੀਆਂ ਰਹੀਆਂ ਹਨ ਕਿ ਮੋਦੀ ਰਾਜ ਅਧੀਨ ਜਾਂਚ ਏਜੰਸੀਆਂ, ਖਾਸ ਤੌਰ 'ਤੇ ਈ ਡੀ, ਕੇਂਦਰ ਸਰਕਾਰ ਤੇ ਭਾਜਪਾ ਦੇ ਦਬਾਅ ਹੇਠ ਕੰਮ ਕਰ ਰਹੀਆਂ ਹਨ। ਵਿਰੋਧੀ ਧਿਰਾਂ ਦੇ ਆਗੂਆਂ ਨੂੰ ਫਸਾਉਣ ਲਈ ਈ ਡੀ ਨੂੰ ਕੇਂਦਰ ਵੱਲੋਂ ਜੋ ਹੁਕਮ ਮਿਲਦਾ ਹੈ, ਉਹ ਉਸ 'ਤੇ ਫੁੱਲ ਚੜ੍ਹਾਉਣ ਲਈ ਪੱਬਾਂ ਭਾਰ ਹੋ ਜਾਂਦੀ ਹੈ। ਇਸ ਲਈ ਉਹ ਆਪਣੇ ਅਧਿਕਾਰ ਖੇਤਰ 'ਚੋਂ ਵੀ ਬਾਹਰ ਚਲੀ ਜਾਂਦੀ ਹੈ, ਜਿਸ ਕਾਰਨ ਉਸ ਵੱਲੋਂ ਦਾਇਰ ਮੁਕੱਦਮੇ ਅਦਾਲਤਾਂ ਵਿੱਚ ਨਹੀਂ ਟਿਕਦੇ। ਜਦੋਂ ਕਿਸੇ ਸੰਸਥਾ ਦੀ ਸਰਕਾਰ ਵੱਲੋਂ ਗਲਤ ਵਰਤੋਂ ਕੀਤੀ ਜਾਂਦੀ ਹੋਵੇ ਤਾਂ ਉਹ ਆਪਣੇ ਮਕਸਦ ਦੀ ਪੂਰਤੀ ਲਈ ਵੀ ਗਲਤ ਰਾਹ ਅਖਤਿਆਰ ਕਰਨੋਂ ਨਹੀਂ ਝਿਜਕਦੀ। ਇਸ ਤਰ੍ਹਾਂ ਈ ਡੀ ਅਧਿਕਾਰੀ ਵਿਰੋਧੀ ਧਿਰ ਦੇ ਆਗੂਆਂ ਦੇ ਨਾਲ-ਨਾਲ ਆਮ ਜਨਤਾ ਨੂੰ ਵੀ ਪ੍ਰੇਸ਼ਾਨ ਕਰਕੇ ਆਪਣਾ ਮਕਸਦ ਪੂਰਾ ਕਰਦੇ ਰਹਿੰਦੇ ਹਨ। ਅਜਿਹੇ ਹੀ ਇੱਕ ਕੇਸ ਵਿੱਚ ਅਦਾਲਤ ਨੇ ਈ ਡੀ ਵਾਲਿਆਂ ਨੂੰ ਲੰਮੇ ਹੱਥੀਂ ਲਿਆ ਹੈ।

ਬੰਬੇ ਹਾਈਕੋਰਟ ਨੇ ਇੱਕ ਕੇਸ ਵਿੱਚ ਈ ਡੀ ਉੱਤੇ 1 ਲੱਖ ਰੁਪਏ ਦਾ ਜੁਰਮਾਨਾ ਲਾ ਕੇ ਉਸ ਨੂੰ ਝਾੜ ਪਾਉਂਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਕੇਂਦਰੀ ਜਾਂਚ ਏਜੰਸੀਆਂ ਨੂੰ ਕਾਨੂੰਨ ਦੇ ਦਾਇਰੇ ਵਿੱਚ ਕੰਮ ਕਰਨ ਤੇ ਆਮ ਨਾਗਰਿਕਾਂ ਨੂੰ ਪ੍ਰੇਸ਼ਾਨ ਕਰਨਾ ਬੰਦ ਕਰਨ ਲਈ ਕਿਹਾ ਜਾਵੇ। ਹਾਈਕੋਰਟ ਦੇ ਜੱਜ ਜਸਟਿਸ ਮਿਲਿੰਦ ਜਾਧਵ ਨੇ ਕਿਹਾ ਕਿ ਈ ਡੀ ਨੂੰ ਇਹ ਸਖ਼ਤ ਸੰਦੇਸ਼ ਦੇਣ ਦੀ ਲੋੜ ਹੈ ਕਿ ਉਹ ਨਾਗਰਿਕਾਂ ਨੂੰ ਪ੍ਰੇਸ਼ਾਨ ਨਾ ਕਰੇ, ਇਸ ਲਈ ਉਹ ਇਸ ਕੇਸ ਵਿੱਚ ਈ ਡੀ ਉੱਤੇ ਜੁਰਮਾਨਾ ਲਾਉਣ ਲਈ ਮਜਬੂਰ ਹਨ। ਹੁਣ ਸਮਾਂ ਆ ਗਿਆ ਹੈ ਕਿ ਈ ਡੀ ਵਰਗੀਆਂ ਕੇਂਦਰੀ ਏਜੰਸੀਆਂ ਨੂੰ ਕਿਹਾ ਜਾਵੇ ਕਿ ਉਹ ਕਾਨੂੰਨ ਨੂੰ ਆਪਣੇ ਹੱਥ ਵਿੱਚ ਲੈਣਾ ਬੰਦ ਕਰ ਦੇਣ।

ਇਸ ਕੇਸ ਵਿੱਚ ਇੱਕ ਜਾਇਦਾਦ ਖਰੀਦਦਾਰ ਵੱਲੋਂ ਡਿਵੈਲਪਰ ਰਾਕੇਸ਼ ਜੈਨ ਵਿਰੁੱਧ ਧੋਖਾਦੇਹੀ ਦਾ ਦੋਸ਼ ਲਾ ਕੇ ਵਿਨੇ ਪਾਰਲੇ ਪੁਲਸ ਸਟੇਸ਼ਨ ਵਿੱਚ ਐੱਫ ਆਈ ਆਰ ਦਰਜ ਕਰਾਈ ਗਈ ਸੀ। ਈ ਡੀ ਨੇ ਇਸ ਐੱਫ ਆਰ ਆਈ ਨੂੰ ਅਧਾਰ ਬਣਾ ਕੇ ਰਾਕੇਸ਼ ਜੈਨ ਵਿਰੁੱਧ ਮਨੀ ਲਾਂਡਰਿੰਗ ਬਾਰੇ ਜਾਂਚ ਸ਼ੁਰੂ ਕਰ ਦਿੱਤੀ ਸੀ। ਜਸਟਿਸ ਜਾਧਵ ਨੇ ਈ ਡੀ ਅਧਿਕਾਰੀਆਂ ਦੀ ਮਨੀ ਲਾਂਡਰਿੰਗ ਅਪਰਾਧ ਬਾਰੇ ਵੀ ਕਲਾਸ ਲਾ ਦਿੱਤੀ। ਉਹਨਾ ਕਿਹਾ, "ਮਨੀ ਲਾਂਡਰਿੰਗ ਦਾ ਅਪਰਾਧ ਕਿਸੇ ਵਿਅਕਤੀ ਵੱਲੋਂ ਆਪਣੇ ਲਾਭ ਨੂੰ ਵਧਾਉਣ ਲਈ ਰਾਸ਼ਟਰ ਤੇ ਸਮਾਜ ਦੇ ਹਿੱਤਾਂ ਦੀ ਅਣਦੇਖੀ ਕਰਕੇ ਕੀਤਾ ਜਾਂਦਾ ਹੈ। ਆਮ ਤੌਰ 'ਤੇ ਮਨੀ ਲਾਂਡਰਿੰਗ ਦੀ ਸਾਜ਼ਿਸ਼ ਗੁਪਤ ਤੌਰ 'ਤੇ ਬਣਾਈ ਜਾਂਦੀ ਹੈ ਤੇ ਚੁੱਪਚਾਪ ਅੰਜਾਮ ਦਿੱਤੀ ਜਾਂਦੀ ਹੈ। ਮੇਰੇ ਸਾਹਮਣੇ ਮੌਜੂਦ ਮਾਮਲਾ ਮਨੀ ਲਾਂਡਰਿੰਗ ਦੀ ਆੜ ਵਿੱਚ ਕਿਸੇ ਨੂੰ ਫਸਾਉਣ ਦਾ ਕਲਾਸਿਕ ਮਾਮਲਾ ਹੈ।"

ਯਾਦ ਰਹੇ ਕਿ ਝਾਰਖੰਡ ਦੇ ਮੁੱਖ ਮੰਤਰੀ ਹੇਮੰਤ ਸੋਰੇਨ ਨੂੰ ਵੀ ਅਜਿਹੇ ਹੀ ਕੇਸ ਵਿੱਚ ਫਸਾਇਆ ਗਿਆ ਸੀ। ਹੇਮੰਤ ਸੋਰੇਨ ਵਿਰੁੱਧ ਜ਼ਮੀਨ ਉੱਤੇ ਕਬਜ਼ੇ ਦੀ ਪੁਲਸ ਕੋਲ ਸ਼ਿਕਾਇਤ ਦਰਜ ਕਰਾਈ ਗਈ ਸੀ। ਈ ਡੀ ਨੇ ਆਪਣੇ ਆਕਾਵਾਂ ਦੇ ਕਹਿਣ 'ਤੇ ਇਸੇ ਸ਼ਿਕਾਇਤ ਨੂੰ ਅਧਾਰ ਬਣਾ ਕੇ ਹੇਮੰਤ ਸੋਰੇਨ ਵਿਰੁੱਧ ਮਨੀ ਲਾਂਡਰਿੰਗ ਦੀ ਜਾਂਚ ਸ਼ੁਰੂ ਕਰ ਦਿੱਤੀ ਸੀ। ਇਹੋ ਨਹੀਂ, ਹੇਮੰਤ ਸੋਰੇਨ ਨੂੰ ਗ੍ਰਿਫ਼ਤਾਰ ਕਰਕੇ ਕਈ ਮਹੀਨੇ ਜੇਲ੍ਹ ਵਿੱਚ ਵੀ ਬੰਦ ਰੱਖਿਆ ਗਿਆ ਸੀ। ਹੇਮੰਤ ਸੋਰੇਨ ਇਸ ਮਾਮਲੇ ਨੂੰ ਹਾਈਕੋਰਟ ਵਿੱਚ ਲੈ ਗਏ ਸਨ। ਰਾਂਚੀ ਹਾਈਕੋਰਟ ਨੇ ਵੀ ਉਕਤ ਕੇਸ ਵਾਂਗ ਹੀ ਈ ਡੀ ਦੀਆਂ ਧੱਜੀਆਂ ਉਡਾ ਦਿੱਤੀਆਂ ਸਨ। ਰਾਂਚੀ ਹਾਈਕੋਰਟ ਨੇ ਕਿਹਾ ਕਿ ਕਿਸੇ ਪੁਲਸ ਸ਼ਿਕਾਇਤ ਦੇ ਅਧਾਰ 'ਤੇ ਹੇਮੰਤ ਸੋਰੇਨ ਵਿਰੁੱਧ ਮਨੀ ਲਾਂਡਰਿੰਗ ਦੀ ਜਾਂਚ ਕਿਵੇਂ ਕੀਤੀ ਜਾ ਸਕਦੀ ਹੈ ਤੇ ਗ੍ਰਿਫ਼ਤਾਰ ਕਿਵੇਂ ਕੀਤਾ ਜਾ ਸਕਦਾ ਹੈ, ਪਰ ਈ ਡੀ ਵਾਲੇ ਕੀ ਕਰਨ, ਉਨ੍ਹਾਂ ਨੂੰ ਤਾਂ ਆਪਣੇ 'ਮਾਲਕਾਂ' ਦਾ ਹੁਕਮ ਵਜਾਉਣਾ ਪੈਂਦਾ ਹੈ।

ਹਥਲੇ ਕੇਸ ਵਿੱਚ ਜਸਟਿਸ ਜਾਧਵ ਨੇ ਕਿਹਾ, "ਮੈਂ ਈ ਡੀ ਨੂੰ ਨਸੀਹਤ ਦੇਣ ਲਈ ਜੁਰਮਾਨਾ ਲਾਉਣ ਲਈ ਮਜਬੂਰ ਹਾਂ। ਈ ਡੀ ਵਰਗੀਆਂ ਕੇਂਦਰੀ ਏਜੰਸੀਆਂ ਨੂੰ ਕਾਨੂੰਨ ਦੇ ਦਾਇਰੇ ਵਿੱਚ ਰਹਿ ਕੇ ਕੰਮ ਕਰਨਾ ਚਾਹੀਦਾ ਹੈ ਤੇ ਆਪਣੇ ਦਿਮਾਗ ਦੀ ਵਰਤੋਂ ਕਰਨੀ ਚਾਹੀਦੀ ਹੈ।" ਅਦਾਲਤ ਨੇ ਈ ਡੀ ਨੂੰ ਚਾਰ ਹਫ਼ਤਿਆਂ ਵਿੱਚ ਇੱਕ ਲੱਖ ਰੁਪਏ ਹਾਈਕੋਰਟ ਲਾਇਬਰੇਰੀ ਨੂੰ ਦੇਣ ਦਾ ਹੁਕਮ ਦਿੱਤਾ। ਇਸ ਦੇ ਨਾਲ ਸ਼ਿਕਾਇਤਕਰਤਾ ਨੂੰ ਵੀ ਇੱਕ ਲੱਖ ਦਾ ਜੁਰਮਾਨਾ ਲਾ ਕੇ ਮਲਾਡ ਵਿੱਚ ਸਥਿਤ ਕੀਰਤੀਕਰ ਲਾਅ ਲਾਇਬ੍ਰੇਰੀ ਵਿੱਚ ਜਮ੍ਹਾਂ ਕਰਾਉਣ ਦਾ ਹੁਕਮ ਦਿੱਤਾ। ਬਹਰਹਾਲ ਈ ਡੀ ਦੇ ਵਕੀਲ ਦੀ ਅਪੀਲ 'ਤੇ ਹਾਈਕੋਰਟ ਨੇ ਆਪਣੇ ਫੈਸਲੇ 'ਤੇ ਇੱਕ ਹਫ਼ਤੇ ਦਾ ਸਟੇਅ ਦੇ ਦਿੱਤਾ ਤਾਂ ਜੋ ਸੁਪਰੀਮ ਕੋਰਟ ਵਿੱਚ ਅਪੀਲ ਕੀਤੀ ਜਾ ਸਕੇ।

**- ਚੰਦ ਫਤਿਹਪੁਰੀ**

# ਮੁਫ਼ਤ ਰਿਓੜੀਆਂ ਵੰਡਣ ਦੀ ਸਿਆਸਤ ਲੋਕਤੰਤਰ 'ਤੇ ਸਿੱਧਾ ਹਮਲਾ



ਗੁਰਮੀਤ ਸਿੰਘ ਪਲਾਹੀ

ਜਿਹਨਾ ਦੇਸ਼ਾਂ ਵਿੱਚ ਆਮ ਵੋਟਰ ਆਪਣੀ ਤਾਕਤ ਪੂਰੀ ਤਰ੍ਹਾਂ ਸਮਝਦੇ ਹਨ, ਉਥੇ ਉਹ ਸਿਆਸੀ ਨੇਤਾਵਾਂ ਨੂੰ ਆਪਣੀਆਂ ਉਂਗਲੀਆਂ ਉੱਤੇ ਨਚਾਉਣ ਦਾ ਕੰਮ ਕਰਦੇ ਹਨ।ਕੁਝ ਹੱਦ ਤੱਕ ਭਾਰਤ ਵਿੱਚ ਵੀ ਕੁਝ ਇਹੋ ਜਿਹਾ ਹੋਣ ਲੱਗਿਆ ਹੈ।

ਪਿਛਲੀਆਂ ਕੁਝ ਰਾਸ਼ਟਰੀ, ਸੂਬਾਈ ਚੋਣਾਂ ਵਿੱਚ ਵੇਖਿਆ ਜਾ ਰਿਹਾ ਹੈ ਕਿ ਦੇਸ਼ ਦੀਆਂ ਔਰਤਾਂ ਆਪਣਾ ਵੋਟ ਦੇਣ ਲਈ ਪੂਰੇ ਉਤਸ਼ਾਹ ਨਾਲ ਵੋਟ-ਬੂਥਾਂ 'ਤੇ ਦਿੱਸਦੀਆਂ ਹਨ, ਖ਼ਾਸ ਕਰਕੇ ਉਸ ਵੇਲੇ ਜਦੋਂ ਵੀ ਕਿਸੇ ਸਰਕਾਰ ਨੇ ਉਹਨਾ ਦੇ ਨਿੱਜੀ ਖਾਤੇ 'ਚ ਰਿਆਇਤਾਂ ਦੇ ਪੈਸੇ ਜਮ੍ਹਾਂ ਕਰਵਾਉਣੇ ਸ਼ੁਰੂ ਕੀਤੇ ਹਨ; ਕਿਸੇ ਨੇ ਲਾਡਲੀ ਭੈਣ, ਯੋਜਨਾ ਅਧੀਨ ਜਾਂ ਕਿਸੇ ਨੇ ਕਿਸੇ ਹੋਰ ਯੋਜਨਾ ਵਿੱਚ ਹੈ। ਕੀ ਇਹ ਸਿੱਧਿਆਂ ਤੌਰ 'ਤੇ ਵੋਟ ਖਰੀਦਣ ਦਾ ਤਰੀਕਾ ਨਹੀਂ? ਕੀ ਔਰਤਾਂ-ਵੋਟਰ ਨੂੰ ਭਰਮਤ ਕਰਨ ਲਈ ਇੱਕ ਜਾਲ ਨਹੀਂ ਵਿਛਾਇਆ ਜਾ ਰਿਹਾ? ਕੀ ਇਹ ਰਾਜ ਨੇਤਾਵਾਂ ਦਾ ਲੋਕਤੰਤਰ 'ਤੇ ਸਿੱਧਾ ਹਮਲਾ ਨਹੀਂ? ਕੀ ਇਹ ਸਭ ਲੈਣ-ਦੇਣ ਮਨੁੱਖੀ ਨੈਤਿਕ ਕਦਰਾਂ-ਕੀਮਤਾਂ ਨਾਲ ਖਿਲਵਾੜ ਨਹੀਂ ਹੈ? ਕੀ ਅਜਿਹਾ ਕਰਕੇ ਲੋਕਤੰਤਰ ਦੀ ਇੱਕ ਹੋਰ ਸੰਸਥਾ ਨੂੰ ਕਮਜ਼ੋਰ ਨਹੀਂ ਕੀਤਾ ਜਾ ਰਿਹਾ?

ਲੋਕਤੰਤਰ ਦੀਆਂ ਸੰਸਥਾਵਾਂ ਨੂੰ ਕੰਮਜ਼ੋਰ ਕਰਨ ਦਾ ਯਤਨ ਦੇਸ਼ ਵਿੱਚ ਲੰਮੇ ਸਮੇਂ ਤੋਂ ਹੋ ਰਿਹਾ ਹੈ।ਪਰ ਪਿਛਲੇ ਦਹਾਕੇ 'ਚ ਇਹ ਚਰਮ ਸੀਮਾਂ ਉੱਤੇ ਪੁੱਜ ਚੁੱਕਾ ਹੈ। ਸੀ ਬੀ ਆਈ, ਈ ਡੀ ਵਰਗੀਆਂ ਖ਼ੁਦਮੁਖਤਾਰ ਸੰਸਥਾਵਾਂ ਦੇ ਪੈਰਾਂ 'ਚ ਬੇੜੀਆਂ ਪਾ ਦਿੱਤੀਆਂ ਗਈਆਂ ਹਨ।ਭਾਰਤੀ ਚੋਣ ਕਮਿਸ਼ਨ ਨੂੰ ਸਰਕਾਰੀ ਹੱਥਾਂ 'ਚ ਕਰਨ ਲਈ ਚੋਣ ਕਮਿਸ਼ਨਰ ਦੀ ਨਿਯੁਕਤੀ ਕੇਂਦਰ ਸਰਕਾਰ ਨੇ ਆਪਣੇ ਹੱਥ ਲੈ ਲਈ, ਉਸ ਦੀ ਨਿਯੁਕਤੀ ਵਿੱਚ ਦੇਸ਼ ਦੀ ਸਰਵ-ਉੱਚ ਅਦਾਲਤ ਦਾ ਦਖ਼ਲ ਬੰਦ ਕਰ ਦਿੱਤਾ ਗਿਆ ਹੈ।ਖ਼ੁਦਮੁਖਤਾਰ ਸੰਸਥਾਵਾਂ ਨੂੰ ਆਪਣੀ ਸੇਧੇ ਚਲਾਉਣ ਲਈ ਅਤੇ ਆਪਣੇ ਅਨੁਸਾਰ ਫ਼ੈਸਲੇ ਕਰਵਾਉਣ ਲਈ ਦੇਸ਼ ਦੀ ਸਰਬ ਉੱਚ ਅਦਾਲਤ ਉੱਤੇ ਵੀ ਸਮੇਂ-ਸਮੇਂ 'ਤੇ ਤਰ੍ਹਾਂ-ਤਰ੍ਹਾਂ ਦੇ ਪ੍ਰਭਾਵ ਵੇਖੇ ਜਾ ਸਕਦੇ ਹਨ।

ਪਰ ਸਭ ਤੋਂ ਗੰਭੀਰ ਮਸਲਾ ਦੇਸ਼ ਵਿੱਚ ਵੋਟ ਖਰੀਦਣ ਅਤੇ ਵੋਟਰ ਨੂੰ ਪ੍ਰਭਾਵਤ ਕਰਨ ਦਾ ਹੈ।ਆਜ਼ਾਦੀ ਦੇ ਕੁਝ ਵਰ੍ਹਿਆਂ, ਇੱਥੋਂ ਤੱਕ ਕਿ ਕੁਝ ਦਹਾਕਿਆਂ ਤੱਕ ਦੇਸ਼ ਦੀ ਤਰੱਕੀ ਅਤੇ ਗ਼ਰੀਬੀ ਹਟਾਓ, ਜਿਹੇ ਨਾਅਰੇ ਲੱਗਦੇ ਰਹੇ।ਦੇਸ਼ ਦੇ ਸੰਘੀ ਢਾਂਚੇ ਦੇ ਬਚਾਓ ਅਤੇ ਸੂਬਿਆਂ ਨੂੰ ਵੱਖ ਅਧਿਕਾਰ ਦੇਣ ਜਿਹੇ ਵਿਸ਼ਿਆਂ ਮਹਿੰਗਾਈ, ਬੇਰੁਜ਼ਗਾਰੀ ਦੇ ਮਾਮਲਿਆਂ 'ਤੇ ਆਮ ਤੌਰ 'ਤੇ ਸਿਆਸਤ ਕੀਤੀ ਜਾਂਦੀ ਰਹੀ।ਚੋਣਾਂ ਸਮੇਂ ਸਿਆਸੀ ਪਾਰਟੀਆਂ ਵੱਲੋਂ ਲੁਭਾਉਣੇ ਚੋਣ ਮੈਨੀਫੈਸਟੋ ਜਾਰੀ ਕੀਤੇ ਜਾਂਦੇ ਰਹੇ ਤਾਂ ਕਿ ਲੋਕ ਇਹਨਾਂ ਵੱਲ ਖਿੱਚੇ-ਤੁਰੇ ਆਉਣ। ਇਹ ਉਹ ਸਮਾਂ ਸੀ, ਜਦੋਂ ਸਿਆਸੀ ਪਾਰਟੀਆਂ ਵਿੱਚ ਅੰਦਰੂਨੀ ਲੋਕਤੰਤਰ ਸੀ।ਸਿਆਸੀ ਪਾਰਟੀਆਂ ਦੇ ਮੈਂਬਰਾਂ ਦੀ ਭਰਤੀ ਪਿੰਡ, ਸ਼ਹਿਰ ਪੱਧਰ 'ਤੇ ਹੁੰਦੀ, ਉਥੇ ਇਕਾਈਆਂ ਦੀ ਚੋਣਾਂ ਹੁੰਦੀਆਂ।ਅਹੁਦੇਦਾਰ ਚੁਣੇ ਜਾਂਦੇ।ਰਾਸ਼ਟਰੀ ਪੱਧਰ ਤੱਕ ਸਿਆਸੀ ਪਾਰਟੀਆਂ ਦੀ ਆਪਣੀ ਚੋਣ ਹੁੰਦੀ।ਵੱਡੇ ਨੇਤਾ ਚੁਣੇ ਜਾਂਦੇ।ਪਾਰਟੀਆਂ ਦੀਆਂ ਨੀਤੀਆਂ ਬਣਦੀਆਂ।ਇਹਨਾਂ ਨੀਤੀਆਂ ਦੇ ਅਧਾਰ 'ਤੇ ਲੋਕਾਂ ਨੂੰ ਆਪਣੇ ਵੱਲ ਕਰਨ ਦਾ ਯਤਨ ਹੁੰਦਾ।

ਦੇਸ਼ 'ਚ ਇੰਦਰਾ ਗਾਂਧੀ ਵੱਲੋਂ ਆਪਣੀ ਗੱਦੀ ਸੁਰੱਖਿਅਤ ਰੱਖਣ ਲਈ ਐਮਰਜੈਂਸੀ ਲਾਉਣ ਨਾਲ ਲੋਕਤੰਤਰ ਦਾ ਵੱਡਾ ਘਾਣ ਹੋਇਆ।ਲੋਕ, ਸਿਆਸੀ ਨੇਤਾ ਸੜਕਾਂ 'ਤੇ ਆਏ।ਵਿਰੋਧੀ ਧਿਰਾਂ ਮਜ਼ਬੂਤ ਹੋਈਆਂ। ਇਲਾਕਾਈ ਪਾਰਟੀਆਂ ਹੋਂਦ ਵਿੱਚ ਆਈਆਂ।ਫਿਰ ਇਹਨਾਂ ਇਲਾਕਾਈ ਪਾਰਟੀਆਂ 'ਚ ਪਰਿਵਾਰਵਾਦ ਦੀ ਸਿਆਸਤ ਉਤਸ਼ਾਹਤ ਹੋਈ। ਪਰਿਵਾਰਵਾਦ ਦੀ ਇਸ ਸਿਆਸਤ ਦਾ ਕੌਮੀ ਪੱਧਰ ਉਤੇ ਵੀ ਪਸਾਰਾ ਹੋਇਆ ਅਤੇ ਇਲਾਕਾਈ ਪੱਧਰ 'ਤੇ ਵੀ।

ਇਸ ਇਲਾਕਾਈ ਸਿਆਸਤ ਨੇ ਦੱਖਣੀ, ਉੱਤਰੀ ਰਾਜਾਂ 'ਚ ਰਿਆਇਤਾਂ ਦੀ ਰਾਜਨੀਤੀ ਨੂੰ ਉਤਸ਼ਾਹਤ ਕੀਤਾ।ਪੰਜਾਬ ਦੇ ਕਿਸਾਨਾਂ ਨੂੰ ਮੁਫ਼ਤ ਬਿਜਲੀ ਮੋਟਰਾਂ ਦੀ ਸੁਵਿਧਾ ਦਿੱਤੀ, ਤਾਂ ਕਿ ਵੋਟ ਬੈਂਕ ਪੱਕਾ ਹੋਵੇ।ਪੰਜਾਬ ਇਸਦੀ ਵੱਡੀ ਉਦਾਹਰਨ ਬਣਿਆ।ਅੱਜ ਵੋਟ ਬੈਂਕ ਹਥਿਆਉਣ ਲਈ ਗਰੰਟੀਆਂ ਦੀ ਰਾਜਨੀਤੀ ਪੂਰੀ ਉਚਾਈ 'ਤੇ ਹੈ। ਪੰਜਾਬ 'ਚ 300 ਯੂਨਿਟ ਮਹੀਨਾ ਮੁਫ਼ਤ ਬਿਜਲੀ ਹੈ।ਹੋਰ ਕਈ ਰਿਆਇਤਾਂ ਹਨ।ਬਜ਼ੁਰਗਾਂ ਲਈ ਪੈਨਸ਼ਨ, ਔਰਤਾਂ ਲਈ ਮੁਫ਼ਤ ਬੱਸ ਸੇਵਾ ਅਤੇ ਹੁਣ ਔਰਤਾਂ ਲਈ 1000-1500 ਰੁਪਏ ਭੱਤਾ ਦੇਣ ਦੀਆਂ ਗੱਲਾਂ ਹੋ ਰਹੀਆਂ ਹਨ।ਦੱਖਣੀ ਰਾਜਾਂ ਵਿੱਚ ਤਾਂ ਔਰਤਾਂ ਲਈ ਅਤੇ ਹੋਰ ਵੋਟਰਾਂ ਨੂੰ ਭਰਮਿਤ ਕਰਨ ਲਈ ਕਈ ਰਿਆਇਤਾਂ ਦਿੱਤੀਆਂ ਜਾ ਰਹੀਆਂ ਹਨ।ਜਿਹਨਾਂ ਦੀ ਸ਼ੁਰੂਆਤ ਜੈਲਲਿਤਾ ਮੁੱਖ ਮੰਤਰੀ ਵੱਲੋਂ ਲੋਕਾਂ ਨੂੰ ਵੱਡੇ-ਵੱਡੇ ਤੋਹਫ਼ੇ ਰਿਆਇਤਾਂ ਵਜੋਂ ਦਿੱਤੇ ਜਾਣ ਨਾਲ ਹੋਈ।

ਦੇਸ਼ ਦੀ ਰਾਜਧਾਨੀ ਦਿੱਲੀ ਦੀਆਂ ਵਿਧਾਨ ਸਭਾ ਚੋਣਾਂ 'ਚ ਤਾਂ ਸਿਆਸੀ ਧਿਰਾਂ ਨੇ ਇਸ ਵੇਰ ਹੱਦ ਹੀ ਮੁਕਾ ਦਿੱਤੀ ਹੈ।ਰਿਆਇਤਾਂ ਦੀ ਝੜੀ ਲਗਾ ਦਿੱਤੀ ਹੈ।ਕਾਂਗਰਸ ਨੇ 300 ਯੂਨਿਟ ਬਿਜਲੀ ਮੁਫ਼ਤ, 500 ਰੁਪਏ ਦਾ ਗੈਸ ਸਿਲੰਡਰਾਂ, ਭਾਜਪਾ ਨੇ ਔਰਤਾਂ ਲਈ 2500 ਰੁਪਏ ਅਥੇ ਆਪ ਵੱਲੋਂ ਵੀ ਲਗਭਗ ਇਹੋ ਜਿਹੇ ਵਾਇਦੇ ਕੀਤੇ ਹਨ।

ਪਰ ਸਵਾਲ ਉੱਠਦਾ ਹੈ ਕਿ ਇਹੋ ਜਿਹੀਆਂ ਰਿਆਇਤਾਂ ਦਾ ਭਾਰ ਅਕਸਰ ਕਿਸ ਉੱਤੇ ਪੈਂਦਾ ਹੈ? ਉਦਹਾਰਨ ਪੰਜਾਬ ਦੀ ਹੀ ਲੈ ਲੈਂਦੇ ਹਨ, ਇਹਨਾਂ ਰਿਆਇਤਾਂ ਕਾਰਨ ਅੱਜ ਪੰਜਾਬ ਦੀ ਆਰਥਿਕਤਾ ਨਿਵਾਣਾਂ ਵੱਲ ਜਾ ਰਹੀ ਹੈ।ਜਦੋਂ ਤੱਕ ਇਸ ਸਰਕਾਰ ਦਾ 2027 'ਚ ਕਾਰਜਕਾਲ ਪੂਰਾ ਹੋਣਾ ਹੈ, ਉਦੋਂ ਤੱਕ ਪੰਜਾਬ ਸਿਰ 5 ਲੱਖ ਕਰੋੜ ਦਾ ਕਰਜ਼ਾ ਖੜ੍ਹਾ ਹੋ ਜਾਣਾ ਹੈ।ਭਾਵ ਪੰਜਾਬ ਦਾ ਹਰ ਵਸ਼ਿੰਦਾ ਔਸਤਨ 5 ਲੱਖ ਦਾ ਕਰਜਾਈ ਹੋ ਜਾਣਾ ਹੈ।ਇਸ ਗੱਲ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ ਕਿ ਲੋਕਾਂ ਦੀ ਚੁਣੀ ਹੋਈ ਸਰਕਾਰ ਨੇ ਲੋਕ ਭਲਾਈ ਦੇ ਕੰਮ ਕਰਨੇ ਹੁੰਦੇ ਹਨ, ਲੋਕਾਂ ਦਾ ਜੀਵਨ ਪੱਧਰ ਉਚਾ ਕਰਨਾ ਹੁੰਦਾ ਹੈ।ਉਹਨਾਂ ਦੇ ਬੁਢਾਪੇ ਨੂੰ ਸੁਰੱਖਿਅਤ ਰੱਖਣ ਲਈ ਕੁਝ ਸਕੀਮਾਂ ਚਲਾਉਣੀਆਂ ਹੁੰਦੀਆਂ ਹਨ।ਪਰ ਵੋਟ ਬੈਂਕ ਪੱਕਾ ਕਰਨ ਲਈ ਜਿਹੜੀਆਂ ਰਿਆਇਤਾਂ ਦਿੱਤੀਆਂ ਜਾਂਦੀਆਂ ਹਨ, ਉਹ ਬਹੁਤੇ ਲੋਕਾਂ ਦਾ ਕੀ ਸੁਆਰਦੀਆਂ ਹਨ?

ਕੀ ਨੇਤਾ ਲੋਕ ਚਾਹੁੰਦੇ ਹਨ ਕਿ ਮੁਫ਼ਤ ਰਾਸ਼ਨ, ਮੁਫ਼ਤ ਬਿਜਲੀ ਮੁਹੱਈਆਂ ਕਰਨ ਦੀ ਥਾਂ ਨੌਜਵਾਨਾਂ ਨੂੰ ਰੁਜ਼ਗਾਰ ਮਿਲੇ? ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਲਈ ਬੱਚਿਆਂ, ਬਜ਼ੁਰਗਾਂ ਨੂੰ ਚੰਗੀਆਂ ਸਿਹਤ ਸਹੂਲਤਾਂ ਮਿਲਣ, ਸਭ ਲਈ ਚੰਗੀ ਪੜ੍ਹਾਈ ਦਾ ਇੰਤਜ਼ਾਮ ਹੋਵੇ, ਬਜ਼ੁਰਗਾਂ ਦੀ ਸਮਾਜਿਕ ਸੁਰੱਖਿਆ ਲਈ ਚੰਗੀਆਂ ਸਕੀਮਾਂ ਅਤੇ ਪ੍ਰਬੰਧ ਹੋਣ ਅਤੇ ਇਸ ਤੋਂ ਵੱਧ ਇਹ ਕਿ ਸੂਬੇ ਜਾਂ ਦੇਸ਼ ਵਿੱਚ ਚੰਗਾ ਵਾਤਾਵਰਨ ਚੰਗਾ ਬੁਨਿਆਦੀ ਢਾਂਚਾ ਉਸਰੇ, ਜਿਸ ਨਾਲ ਮਨੁੱਖ ਦਾ ਜੀਵਨ ਸੁਖਾਲਾ ਹੋ ਸਕੇ? ਕਤੱਈ ਨਹੀਂ।ਉਹ ਇਹ ਗੱਲਾਂ ਸਿਰਫ਼ ਕਹਿਣ ਲਈ ਕਰਦੇ ਹਨ, ਇਹਨਾਂ 'ਤੇ ਅਮਲ ਨਹੀਂ ਕਰਦੇ।

ਅੱਜ ਦੇਸ਼ ਦੇ ਹਾਲਾਤ ਬਿਲਕੁੱਲ ਭੈੜੇ ਹਨ।ਦੇਸ਼ ਕੂੜੇ ਦਾ ਢੇਰ ਬਣਿਆ ਨਜ਼ਰ ਆਉਂਦਾ ਹੈ।ਭ੍ਰਿਸ਼ਟਾਚਾਰ ਨੇ ਲੋਕਾਂ ਦਾ ਜੀਵਨ ਦੁੱਭਰ ਕੀਤਾ ਹੋਇਆ ਹੈ। ਸੜਕਾਂ, ਸਰਕਾਰੀ ਸਕੂਲ ਸਹੂਲਤਾਂ ਅਤੇ ਟੀਚਰਾਂ ਤੋਂ ਬਾਂਝੇ ਹਨ।ਵਾਤਾਵਰਨ ਇੰਜ ਦੂਸ਼ਿਤ ਹੈ ਕਿ ਸਾਹ ਲੈਣਾ ਵੀ ਔਖਾ ਹੈ।ਪਾਣੀ ਜ਼ਹਿਰੀਲਾ ਹੁੰਦਾ ਜਾ ਰਿਹਾ ਹੈ।ਕੈਂਸਰ ਵਰਗੀਆਂ ਬਿਮਾਰੀਆਂ ਦੀ ਭਰਮਾਰ ਹੈ ਅਤੇ ਸਿਹਤ ਸਹੂਲਤਾਂ ਦੀ ਕਮੀ ਹੈ।ਜਿਸਦਾ ਖਮਿਆਜਾ ਕਰੋਨਾ ਕਾਲ ਦੇ ਦਰਮਿਆਨ ਦੇਸ਼ ਭੁਗਤ ਚੁੱਕਾ ਹੈ।ਇਹੋ ਸਭ ਕੁਝ ਜਾਣਦਿਆਂ ਵੀ ਦੇਸ਼ ਦੇ ਨੇਤਾਵਾਂ ਦੀ ਪਹਿਲ ਦੇਸ਼ ਨੂੰ ਸੁਆਰਨ ਦੀ ਥਾਂ, ਹਰ ਹੀਲੇ ਵੋਟਰਾਂ ਨੂੰ ਭਰਮਾ ਕੇ ਆਪਣੀ ਗੱਦੀ ਪੱਕੀ ਕਰਨਾ ਬਣੀ ਹੋਈ ਹੈ।

ਇਥੇ ਇਹ ਵਰਨਣ ਕਰਨਾ ਕੁਥਾਂਹ ਨਹੀਂ ਹੋਏਗਾ ਕਿ ਲਗਭਗ ਸਾਰੀਆਂ ਪਾਰਟੀਆਂ ਵਿੱਚ ਉਹਨਾਂ ਲੋਕਾਂ ਦੀ ਭਰਮਾਰ ਹੋ ਗਈ ਹੈ, ਜਿਹਨਾਂ ਉੱਤੇ ਆਪਰਾਧਿਕ ਕੇਸ ਦਰਜ਼ ਹਨ।ਜਿਹੜੇ ਸੇਵਾ ਦੀ ਥਾਂ ਸਿਆਸਤ ਸਾਮ, ਦਾਮ, ਦੰਡ ਨਾਲ ਕਰਨ ਦੇ ਮੁੱਦਈ ਹਨ।ਜਿਹਨਾਂ ਨੇ ਆਪਣਾ ਸਿਆਸਤ ਨੂੰ ਆਪਣਾ ਕਿੱਤਾ ਇਥੋਂ ਤਕਕਿ ਪਰਿਵਾਰਕ ਕਿੱਤਾ ਬਣਾ ਲਿਆ ਹੈ।ਇਹ ਲੋਕ ਸਥਾਨਕ ਸਰਕਾਰਾਂ (ਪੰਚਾਇਤਾਂ, ਨਗਰ ਪਾਲਿਕਾਵਾਂ) ਤੋਂ ਲੈ ਕੇ ਵਿਧਾਨ ਸਭਾਵਾਂ, ਲੋਕ ਸਭਾ ਤੱਕ ਆਪਣਾ ਧਨ ਕੁਬੇਰਾਂ ਵਾਲਾ ਜਾਲ ਵਿਛਾ ਚੁੱਕੇ ਹਨ।ਜਾਤ, ਧਰਮ ਦੇ ਨਾਂਅ ਉਤੇ ਲੋਕਾਂ ਨੂੰ ਵੰਡਕੇ, ਉਹਨਾਂ ਨੂੰ ਥੋੜ੍ਹੀਆਂ ਬਹੁਤੀਆਂ ਰਿਆਇਤਾਂ ਪਰੋਸਕੇ ਮੰਗਤੇ ਬਨਾਉਣ ਦੇ ਰਾਹ ਪਾ ਰਹੇ ਹਨ।

ਹੈਰਾਨ ਹੋਈਦਾ ਹੈ ਇਹ ਦ੍ਰਿਸ਼ ਵੇਖਕੇ ਕਿ ਜਦੋਂ ਪੰਜਾਬ ਵਰਗੇ ਖੁਸ਼ਹਾਲ ਕਹਿੰਦੇ ਸੂਬੇ 'ਚ ਜਦੋਂ ਇੱਕ ਰੁਪਏ ਕਿੱਲੋ (ਲਗਭਗ ਮੁਫ਼ਤ) ਅਨਾਜ ਦੀ ਵੰਡ ਹੁੰਦੀ ਹੈ ਤਾਂ ਲੰਮੀਆਂ ਕਤਾਰਾਂ ਵੇਖਣ ਨੂੰ ਮਿਲਦੀਆਂ ਹਨ।ਕੀ ਪੰਜਾਬ ਦੇ ਅਣਖੀਲੇ ਮਿਹਨਤੀ ਲੋਕ ਸਚਮੁੱਚ ਇੰਨੇ ਨਿਤਾਣੇ ਹੋ ਗਏ ਹਨ ਕਿ ਉਹਨਾਂ ਦੇ ਸਰੀਰਾਂ 'ਚ ਕੰਮ ਕਰਨ ਦੀ ਤਾਕਤ ਹੀ ਨਹੀਂ ਰਹੀ? ਆਖ਼ਰ ਲੋਕਾਂ ਨੂੰ ਨਿਤਾਣੇ, ਨਿਮਾਣੇ, ਨਿਆਸਰੇ ਬਨਾਉਣ ਦੀਆਂ ਤਰਕੀਬਾਂ ਕਿਹੜੀ ਸਾਜਿਸ਼ ਦਾ ਹਿੱਸਾ ਹਨ, ਇਹ ਸਪੱਸ਼ਟ ਵੇਖਣ ਨੂੰ ਮਿਲ ਰਿਹਾ ਹੈ।ਲੋਕਾਂ ਨੂੰ ਗਰੀਬ ਬਣਾ ਦਿਉ। ਮੁਫ਼ਤ ਚੀਜ਼ਾਂ ਦੀ ਆਦਤ ਪਾ ਦਿਓ ਤੇ ਵੋਟਾਂ ਹਥਿਆ ਲਵੋ।

ਦੇਸ਼ ਦੇ ਹਰ ਹਿੱਸੇ, ਹਰ ਸੂਬੇ 'ਚ ਜਿਵੇਂ ਵੋਟਾਂ ਦੀ ਖ਼ਰੀਦੋ-ਫਰੋਖ਼ਤ, ਹੁੰਦੀ ਹੈ, ਉਸ ਦੀ ਉਦਾਹਰਨ ਪੰਜਾਬ ਦੀਆਂ ਪੰਚਾਇਤੀ ਚੋਣਾਂ 'ਚ ਵੇਖਣ ਨੂੰ ਮਿਲੀ, ਜਿਥੇ ਹਕੂਮਤੀ ਧੱਕਾ-ਧੌਂਸ ਤਾਂ ਵੇਖਣ ਨੂੰ ਮਿਲੀ ਹੀ, ਜੋ ਪਹਿਲੀਆਂ ਸਰਕਾਰਾਂ ਵੀ ਕਰਦੀਆਂ ਰਹੀਆਂ, ਪਰ ਬਹੁਤੇ ਧਨਾਢ ਲੋਕ ਧੰਨ ਦੇ ਜ਼ੋਰ ਨਾਲ ਪੰਚਾਇਤਾਂ ਦੇ ਮੁੱਖੀ ਬਣ ਬੈਠੇ।ਕੀ ਇਹ ਵੋਟ ਖਰੀਦੋ ਵਰਤਾਰਾ, ਲੋਕਾਂ ਨੂੰ ਰਿਆਇਤਾਂ ਦੇ ਕੇ ਵੋਟਾਂ ਉਗਰਾਹੁਣ ਵਰਗਾ ਹੀ ਨਹੀਂ? ਕੀ ਇਹ ਵਰਤਾਰਾ ਭਾਰਤੀ ਲੋਕਤੰਤਰ ਉਤੇ ਸਿੱਧਾ ਹਮਲਾ ਨਹੀਂ ਹੈ? ਹੁਣੇ ਜਿਹੀਆਂ ਹੋਈਆਂ ਹਰਿਆਣਾ ਵਿਧਾਨ ਸਭਾ ਚੋਣਾਂ 'ਚ ਕਿਸਾਨ ਧਿਰ ਨੂੰ ਇਕ ਪਾਸੇ ਧੱਕ ਕੇ ਦੂਜੀਆਂ ਧਿਰਾਂ ਦਾ ਧਰੁਵੀਕਰਨ ਕੀ ਜਾਤ, ਬਰਾਦਰੀ ਦੀ ਸਿਆਸਤ ਨਹੀਂ? ਕੀ ਇਹ ਲੋਕਤੰਤਰੀ ਕਦਰਾਂ-ਕੀਮਤਾਂ ਨੂੰ ਨਿਕਾਰਨ ਤੁਲ ਨਹੀਂ

ਧਰਮ ਦੀ ਰਾਜਨੀਤੀ, ਜਾਤ ਬਰਾਦਰੀ ਦਾ ਬੋਲਬਾਲਾ ਭਾਰਤੀ ਸੰਵਿਧਾਨ ਦੀ ਰੂਹ ਦੇ ਉੱਲਟ ਹੈ।ਇਹ ਵਰਤਾਰਾ ਦਿਨੋਂ ਦਿਨ ਵੱਧ ਰਿਹਾ ਹੈ।ਇਸ ਸੰਬੰਧੀ ਚਿੰਤਤ ਹੁੰਦਿਆਂ ਭਾਰਤ ਦੀ ਸੁਪਰੀਮ ਕੋਰਟ ਨੇ ਸਰਕਾਰੀ ਖਜ਼ਾਨੇ 'ਚੋਂ ਮੁਫ਼ਤ ਰਿਓੜੀਆਂ ਵੰਡਣ ਦੀ ਸਿਆਸਤ ਉਤੇ ਦੁੱਖ ਪ੍ਰਗਟ ਕੀਤਾ ਅਤੇ ਭਾਰਤੀ ਚੋਣ ਕਮਿਸ਼ਨ ਨੂੰ ਕਿਹਾ ਕਿ ਇਸ ਵਰਤਾਰੇ ਨੂੰ ਰੋਕਣ ਲਈ ਜ਼ਰੂਰੀ ਕਦਮ ਚੁੱਕੇ।

ਗੱਲ ਚੋਣਾਂ ਦੌਰਾਨ ਵੋਟਰਾਂ ਨੂੰ ਆਪਣੇ ਵੱਲ ਖਿੱਚਣ ਦੀ ਹੋਵੇ ਜਾਂ ਫਿਰ ਵੱਧ ਤੋਂ ਵੱਧ ਸਮੇਂ ਤੱਕ ਸੱਤਾ 'ਚ ਬਣੇ ਰਹਿਣ ਦੀ, ਮੁਫ਼ਤ ਦਾ ਸਬਜ਼ਬਾਗ ਦਿਖਾਉਣਾ ਸਿਆਸੀ ਸਫ਼ਲਤਾ ਦਾ ਸ਼ਾਰਟਕੱਟ ਬਣ ਗਿਆ ਹੈ।ਇਹਨਾ ਮੁਫ਼ਤ ਰਿਆਇਤਾਂ ਨੂੰ ਜਿੱਤ ਦੀ ਗਰੰਟੀ ਮੰਨਿਆ ਜਾਣ ਲੱਗਾ ਹੈ।ਲੇਕਿਨ ਆਰਥਿਕ ਤੌਰ 'ਤੇ ਇਸ ਦੀ ਵੱਡੀ ਕੀਮਤ ਵੀ ਚੁਕਾਉਣੀ ਪੈਂਦੀ ਹੈ।ਮੁੱਦਾ ਮਹੱਤਵਪੂਰਨ ਹੈ, ਕਿਉਂਕਿ ਮੁਫ਼ਤ ਰਿਓੜੀਆਂ ਵੰਡਣ ਤੋਂ ਰੋਕਣ ਦੀਆਂ ਕੋਸ਼ਿਸ਼ਾਂ ਅਸਫ਼ਲ ਹੋ ਚੁੱਕੀਆਂ ਹਨ। ਸੁਪਰੀਮ ਕੋਰਟ ਦੇ ਦਖਲ ਦੇ ਬਾਵਜੂਦ ਵੀ ਇਸ 'ਤੇ ਕਾਬੂ ਨਹੀਂ ਪਾ ਜਾ ਸਕਿਆ। ਖ਼ੈਰ ਪਾਉਣ ਦੀ ਇਸ ਪ੍ਰਵਿਰਤੀ ਨੇ ਚੋਣ ਮੈਨੀਫੈਸਟੋ ਸਿਰਫ਼ ਕਾਗਜ਼ ਦਾ ਟੁਕੜਾ ਬਣਾਕੇ ਰੱਖ ਦਿੱਤੇ ਹਨ।ਸੱਤਾ 'ਚ ਆਉਣ ਤੋਂ ਬਾਅਦ ਸਿਆਸੀ ਦਲ ਸਭ ਵਾਇਦੇ ਭੁੱਲ ਜਾਂਦੇ ਹਨ।

ਮੁਫ਼ਤਖੋਰੀ ਦੀ ਰਾਜਨੀਤੀ ਦਾ ਆਰੰਭ ਭਾਵੇਂ ਦੱਖਣੀ ਰਾਜਾਂ ਤੋਂ ਹੋਇਆ, ਪਰ ਭਾਜਪਾ ਨੇ 2014 ਦੀਆਂ ਚੋਣਾਂ ਵਿੱਚ ਹਰ ਭਾਰਤੀ ਦੇ ਖਾਤੇ ਪੰਦਰਾਂ ਲੱਖ ਰੁਪਏ ਪਾਉਣ ਦਾ ਵਾਇਦਾ ਕੀਤਾ, ਜਿਸ ਨੂੰ ਬਾਅਦ ਉਹਨਾਂ ਨੇ ਚੋਣ ਜ਼ੁਮਲਾ ਕਰਾਰ ਦਿੱਤਾ।2019 'ਚ ਆਮ ਚੋਣਾਂ ਤੋਂ ਪਹਿਲਾਂ ਕੇਂਦਰ ਸਰਕਾਰ ਨੇ ਕਿਸਾਨ ਸਨਮਾਨ ਨਿਧੀ ਯੋਜਨਾ ਦੇ ਰੂਪ 'ਚ ਹਰ ਸਾਲ 6000 ਰੁਪਏ ਦੇਣਾ ਸ਼ੁਰੂ ਕੀਤਾ ਅਤੇ ਕੋਵਿਡ ਦੇ ਦਿਨਾਂ 'ਚ 80 ਕਰੋੜ ਲੋਕਾਂ ਨੂੰ ਮੁਫ਼ਤ ਅਨਾਜ਼ ਵੰਡਿਆ ਜਾਣ ਲੱਗਾ, ਜੋ ਹੁਣ ਤੱਕ ਵੀ ਜਾਰੀ ਹੈ, ਇਸ ਨਾਲ ਹੋਰ ਸਿਆਸੀ ਦਲਾਂ ਉਤੇ ਦਬਾਅ ਵੱਧ ਗਿਆ ਕਿ ਉਹ ਚੋਣ ਜਿੱਤਣ ਲਈ ਕਿਉਂ ਨਾ ਸਰਕਾਰ ਵਾਂਗਰ ਵੱਡੀਆਂ-ਵੱਡੀਆਂ ਮੁਫ਼ਤ ਰਿਆਇਤਾਂ ਦਾ ਐਲਾਨ ਕਰਨ।

ਮੁਫ਼ਤ ਰਿਓੜੀਆਂ ਵੰਡਣ ਦੀ ਕੋਹੜ-ਪ੍ਰਵਿਰਤੀ ਨੂੰ ਰੋਕਣ ਲਈ ਸਿਆਸੀ ਪਾਰਟੀਆਂ ਦੇ ਘੋਸ਼ਣਾ ਪੱਤਰ ਨੂੰ ਕਾਨੂੰਨੀ ਦਸਤਾਵੇਜ਼ ਬਨਾਉਣ ਦੀ ਲੋੜ ਹੈ ਤਾਂ ਕਿ ਉਹ ਆਪਣੇ ਵਲੋਂ ਕੀਤੀਆਂ ਘੋਸ਼ਨਾਵਾਂ ਪ੍ਰਤੀ ਜਵਾਬਦੇਹ ਹੋਣ।ਸੁਪਰੀਮ ਕੋਰਟ ਨੇ 5 ਜੁਲਾਈ 2013 ਨੂੰ ਇੱਕ ਅਹਿਮ ਫ਼ੈਸਲੇ 'ਚ ਚੋਣ ਕਮਿਸ਼ਨ ਨੂੰ ਸਾਰੇ ਸਿਆਸੀ ਦਲਾਂ ਨਾਲ ਗੱਲਬਾਤ ਕਰਕੇ ਘੋਸ਼ਣਾ ਪੱਤਰ ਦੇ ਬਾਰੇ ਇੱਕ ਕਾਨੂੰਨੀ ਗਾਈਡਲਾਈਨਜ਼ ਤਿਆਰ ਕਰਨ ਨੂੰ ਕਿਹਾ ਸੀ।ਉਸਦੇ ਬਾਅਦ ਤਤਕਾਲੀਨ ਚੋਣ ਕਮਿਸ਼ਨ ਨੇ ਸਿਆਸੀ ਦਲਾਂ ਦੀ ਮੀਟਿੰਗ ਬੁਲਾਈ।ਇਸ ਮੀਟਿੰਗ 'ਚ 6 ਰਾਸ਼ਟਰ ਦਲ ਅਤੇ 24 ਖੇਤਰੀ ਪਾਰਟੀਆਂ ਦੇ ਨੇਤਾ ਸ਼ਾਮਲ ਹੋਏ।ਪਰ ਉਹਨਾ ਸਰਿਆਂ ਨੇ ਇੱਕ ਸੁਰ ਵਿੱਚ ਚੋਣ ਘੋਸ਼ਣਾ ਪੱਤਰ ਨੂੰ ਲੈ ਕੇ ਚੋਣ ਕਮਿਸ਼ਨ ਦੇ ਦਖ਼ਲ ਨੂੰ ਖ਼ਾਰਜ਼ ਕਰ ਦਿੱਤਾ।

ਦੇਸ਼ 'ਚ ਜਿਸ ਢੰਗ ਨਾਲ ਚੋਣਾਂ ਤੋਂ ਪਹਿਲਾਂ ਮੁਫ਼ਤ ਚੀਜ਼ਾਂ ਮੁਹੱਈਆ ਕਰਨ ਦੇ ਐਲਾਨਾਂ ਦਾ ਦੌਰ ਚੱਲਿਆ ਹੋਇਆ ਹੈ ਅਤੇ ਸੱਤਾ ਪ੍ਰਾਪਤੀ ਬਾਅਦ ਮੁਫ਼ਤ ਰਿਓੜੀਆਂ ਵੰਡੀਆਂ ਜਾ ਰਹੀਆਂ ਹਨ, ਉਹ ਅਸਲ ਅਰਥਾਂ 'ਚ ਦੇਸ਼ ਦੀ ਚੋਣ ਪ੍ਰਕਿਰਿਆ ਨੂੰ ਬੁਰੀ ਤਰ੍ਹਾਂ ਪ੍ਰਭਾਵਤ ਕਰ ਰਹੀਆਂ ਹਨ।ਇਹ ਸਿੱਧਿਆਂ ਲੋਕਤੰਤਰ ਉਤੇ ਵੱਡਾ ਹਮਲਾ ਸਾਬਤ ਹੋ ਰਹੀਆਂ ਹਨ, ਕਿਉਂਕਿ ਕਿਸੇ ਨਾ ਕਿਸੇ ਢੰਗ ਨਾਲ ਵੋਟਰ ਇਸ ਨਾਲ ਲਾਲਚ ਵੱਸ ਹੋ ਕੇ ਪ੍ਰਭਾਵਤ ਹੁੰਦਾ ਹੈ।

ਸਮੱਸਿਆ ਇਹ ਹੈ ਕਿ ਦੇਸ਼ 'ਚ ਮਹਿੰਗਾਈ, ਬੇਰੁਜ਼ਗਾਰੀ ਨੇ ਆਮ ਲੋਕਾਂ ਨੂੰ ਅਤਿ ਗਰੀਬੀ ਵੱਲ ਧੱਕ ਦਿੱਤਾ ਹੈ।ਉਸ ਦੀਆਂ ਲੋੜਾਂ ਪੂਰੀਆਂ ਨਹੀਂ ਹੋ ਰਹੀਆਂ।ਉਸਨੂੰ ਕਿਸੇ ਵੀ ਮੁਫ਼ਤ ਦੀ ਚੀਜ਼ ਦੀ ਪ੍ਰਾਪਤੀ ਲਈ ਬੇਬਸ ਤੇ ਮਜ਼ਬੂਰ ਕਰ ਦਿੱਤਾ ਗਿਆ ਹੈ।

ਇਹੋ ਜਿਹੀ ਸਥਿਤੀ ਅੱਜ ਦੇ ਦੇਸ਼ ਦੇ ਹਾਕਮਾਂ ਅਤੇ ਸਵਾਰਥੀ ਸਿਆਸਤਦਾਨਾਂ ਨੂੰ ਰਾਸ ਆਉਂਦੀ ਹੈ।ਉਹਨਾਂ ਅਸਿੱਧਿਆਂ ਤੌਰ 'ਤੇ ਵੋਟਾਂ ਖਰੀਦਣ ਦਾ ਢੰਗ ਮੁਫ਼ਤ ਰਿਓੜੀਆਂ ਵੰਡਣਾ ਤਹਿ ਕਰ ਲਿਆ ਹੈ।ਜਿਹੜਾ ਸਿੱਧਿਆਂ ਲੋਕਤੰਤਰੀ ਕਦਰਾਂ-ਕੀਮਤਾਂ ਉਤੇ ਇੱਕ ਵੱਡੀ ਸੱਟ ਅਤੇ ਲੋਕਤੰਤਰ 'ਤੇ ਧੱਬਾ ਹੈ।

*ਸੰਪਰਕ : 98158-02070*

# ਭਾਰਤੀ ਸੰਵਿਧਾਨ ਤੇ ਇਨਸਾਫ ਪ੍ਰਾਪਤੀ ਦਾ ਨਿਸ਼ਾਨਾ

ਰਮੇਸ਼ ਰਤਨ


ਅੱਜ ਵੀ ਹਰ ਅੰਦੋਲਨ ਦੀਆਂ ਮੰਗਾਂ ਦੇ ਤੱਤ ਸਰੂਪ ਇੱਕ ਨਾਅਰਾ ਜ਼ਰੂਰ ਲਗਾਇਆ ਜਾਂਦਾ ਹੈ: 'ਅਸੀਂ ਕੀ ਚਾਹੁੰਦੇ ਹਾਂ? ਇਨਸਾਫ।' ਇਸ ਸ਼ਬਦ ਦੇ ਅਰਥ ਦਾ ਵਿਸਥਾਰ ਤੇ ਸਰੂਪ ਇਤਿਹਾਸਕ ਤੌਰ 'ਤੇ ਵਿਕਸਿਤ ਹੁੰਦਾ ਆ ਰਿਹਾ ਹੈ। ਇਹ ਸਮਾਜ ਵੱਲੋਂ ਸਿਰਜੇ ਅਤੇ ਅਪਣਾਏ ਗਏ ਉਹ ਅਸੂਲ ਹਨ, ਜਿਨ੍ਹਾਂ ਨੂੰ ਸਭ ਲਈ ਬਰਾਬਰੀ ਨਾਲ ਲਾਗੂ ਕਰਨਾ ਹੁੰਦਾ ਹੈ। ਇਹ ਕਮਜ਼ੋਰ, ਬੇਸਹਾਰਾ, ਪਿਛੜੇ ਹੋਏ ਅਤੇ ਅਣਭੋਲ ਨਾਗਰਿਕਾਂ ਦੇ ਹਿੱਤਾਂ ਦੀ ਰਾਖੀ ਕਰਦੀ ਨੈਤਿਕਤਾ ਵੀ ਹੈ ਅਤੇ ਅਜੋਕੀ ਦੁਨੀਆਂ ਦੇ ਵਾਤਾਵਰਨ ਅਤੇ ਇਨਸਾਨੀਅਤ ਦੀ ਰਾਖੀ ਕਰਨ ਤੱਕ ਦਾ ਲੰਮਾ ਪੈਂਡਾ ਤਹਿ ਕਰ ਚੁੱਕਿਆ ਸਮਾਜਿਕ ਸੰਕਲਪ ਵੀ ਹੈ। ਅਣਗਿਣਤ ਕੁਰਬਾਨੀਆਂ ਤੋਂ ਬਾਅਦ ਆਜ਼ਾਦ ਭਾਰਤ ਵਾਸੀਆਂ ਦੇ ਆਗੂਆਂ ਵੱਲੋਂ ਸਿਰਜੇ ਗਏ ਭਾਰਤੀ ਸੰਵਿਧਾਨ ਵਿੱਚ ਦਰਜ ਚਾਰ ਮੁੱਖ ਨਿਸ਼ਾਨਿਆ ਵਿੱਚੋਂ ਸਭ ਤੋਂ ਪਹਿਲਾ ਨਿਸ਼ਾਨਾ ਇਨਸਾਫ ਨੂੰ ਹੀ ਰੱਖਿਆ ਗਿਆ ਸੰਵਿਧਾਨ ਅਨੁਸਾਰ ਸਾਰੇ ਹੀ ਨਾਗਰਿਕਾਂ ਲਈ ਸਮਾਜਕ, ਆਰਥਿਕ ਅਤੇ ਰਾਜਸੀ ਇਨਸਾਫ ਦੀ ਪ੍ਰਾਪਤੀ ਕਰਨੀ ਹੈ। ਭਾਰਤ ਸਰਕਾਰ ਦੇ ਨਿਆਂ ਵਿਭਾਗ ਦੀ 'ਵਿਜ਼ਨ ਸਟੇਟਮੈਂਟ' ਵਿੱਚ ਸਮਾਜਿਕ, ਆਰਥਿਕ ਅਤੇ ਰਾਜਸੀ ਇਨਸਾਫ ਨੂੰ ਭਾਰਤੀ ਸੰਵਿਧਾਨ ਦੀ ਮੁੱਖ ਦਿਸ਼ਾ ਹੀ ਨਹੀਂ, ਸਗੋਂ ਇਸ ਦੀ ਰੂਹ ਆਖਿਆ ਗਿਆ ਹੈ।

ਡਾਕਟਰ ਬੀ ਆਰ ਅੰਬੇਡਕਰ ਨੂੰ ਭਾਰਤ ਦੀ ਆਜ਼ਾਦੀ ਤੋਂ ਲਗਭਗ 20 ਸਾਲ ਪਹਿਲਾਂ 1927 ਵਿਚ ਮਹਾਰਾਸ਼ਟਰ ਦੇ ਕਸਬੇ ਮਾਹੜ ਵਿੱਚ ਸਰਕਾਰੀ ਪ੍ਰਬੰਧ ਹੇਠ ਬਣੇ ਤਲਾਬ ਵਿੱਚੋਂ ਪਿਆਸ ਨਾਲ ਤੜਪ ਰਹੇ ਦਲਿਤਾਂ ਨੂੰ ਪਾਣੀ ਪੀਣ ਦੇ ਰੋਕਣ ਵਿਰੁੱਧ ਮੋਰਚਾ ਲਗਾਉਣਾ ਪਿਆ।

ਇਸੇ ਤਰ੍ਹਾਂ ਜਾਤ ਆਧਾਰਤ ਸਮਾਜਿਕ ਨਾ-ਬਰਾਬਰੀ ਵਿਰੁੱਧ ਉਸ ਨੇ ਨਾਸਕ ਜ਼ਿਲ੍ਹੇ ਦੇ ਕਾਲਾਰਾਮ ਮੰਦਰ ਵਿੱਚ ਹਿੰਦੂ ਦਲਿਤਾਂ ਨੂੰ ਪ੍ਰਵੇਸ਼ 'ਤੇ ਪਾਬੰਦੀ ਵਿਰੁੱਧ ਅੰਦੋਲਨ ਲੜਿਆ ਅਤੇ ਪ੍ਰਸ਼ਨ ਚੁੱਕਿਆ ਸੀ ਕਿ ਜੇ ਰੱਬ ਸਭ ਦਾ ਹੈ ਤਾਂ ਮੰਦਰ ਵਿੱਚ ਜਾਣ ਦੀ ਆਗਿਆ ਕੁਝ ਵਿਅਕਤੀਆਂ ਤੱਕ ਸੀਮਤ ਕਿਉਂ? ਲਗਭਗ ਛੇ ਸਾਲ ਉਸ ਨੇ ਇਸ ਅੰਦੋਲਨ ਨੂੰ ਲੜਿਆ, ਪ੍ਰੰਤੂ ਸਮਾਜਿਕ ਤੌਰ 'ਤੇ ਕਾਮਯਾਬੀ ਹਾਸਲ ਨਹੀਂ ਹੋ ਸਕੀ।

ਸੰਵਿਧਾਨ ਵਿੱਚ ਇਨਸਾਫ ਨੂੰ ਬਰਾਬਰੀ ਦੇ ਅਧਿਕਾਰ ਨਾਲ ਸੁਮੇਲ ਕੇ ਇਸ ਦੀ ਵਿਆਖਿਆ ਆਰਟੀਕਲ 14,15,16 ਅਤੇ 17 ਵਿੱਚ ਕੀਤੀ ਗਈ ਹੈ। ਇਸ ਤੋਂ ਇਲਾਵਾ ਦਿਸ਼ਾ-ਨਿਰਦੇਸ਼ਾਂ ਵਿੱਚ ਦਰਜ ਆਰਟੀਕਲ 38 ਅਤੇ 39 ਇਸ ਦੀ ਹੋਰ ਸਪੱਸ਼ਟ ਵਿਆਖਿਆ ਕਰਦੇ ਹਨ। ਭਾਰਤੀ ਸਮਾਜ ਦਾ ਸਭ ਤੋਂ ਵੱਡਾ ਕੋਹੜ ਜਾਤ ਆਧਾਰਤ ਵਰਣ-ਵਿਵਸਥਾ ਹੈ। ਭਾਵੇਂ ਜਾਤ-ਪਾਤ ਵਿਰੁੱਧ ਅੰਗਰੇਜ਼ ਸਰਕਾਰ ਵੱਲੋਂ ਵੀ 1850 ਵਿੱਚ ਕਾਨੂੰਨ ਬਣਾਇਆ ਗਿਆ ਸੀ ਅਤੇ ਮਹਾਤਮਾ ਗਾਂਧੀ ਨੇ ਵੀ ਦਲਿਤਾਂ ਨੂੰ ਹਰੀਜਨ ਕਹਿ ਕੇ ਆਪਣੇ ਨਾਲ ਮਿਲਾਉਣ ਦੀ ਕੋਸ਼ਿਸ਼ ਕੀਤੀ। ਭਾਰਤੀ ਸੰਵਿਧਾਨ ਦੇ ਆਰਟੀਕਲ 17 ਅਨੁਸਾਰ ਹਿੰਦੁਸਤਾਨ ਵਿੱਚ ਕਿਸੇ ਵੀ ਢੰਗ ਨਾਲ ਛੂਆਛੂਤ ਕਰਨ 'ਤੇ ਪੂਰੀ ਤਰ੍ਹਾਂ ਪਾਬੰਦੀ ਹੈ। 'ਅਨਟਚਐਟੀਬਿਲਟੀ ਅਫੈਂਸ ਐਕਟ' 1955 ਵਿੱਚ ਬਣਾਇਆ ਗਿਆ। ਇਸ ਨੂੰ 1967 ਵਿੱਚ ਦੁਬਾਰਾ ਸੋਧਿਆ ਤੇ 'ਸਿਵਲ ਰਾਈਟ ਐਕਟ' ਵਿੱਚ ਸ਼ਾਮਲ ਕਰ ਦਿੱਤਾ। ਇਸ ਦੀਆ ਮੱਦਾਂ ਅਨੁਸਾਰ ਕਿਸੇ ਵੀ ਮੰਦਰ ਜਾਂ ਧਾਰਮਿਕ ਸੰਸਥਾਨ, ਦੁਕਾਨ, ਰੈਸਟੋਰੈਂਟ, ਹੋਟਲ ਜਾਂ ਮਨੋਰੰਜਨ ਦੀ ਥਾਂ ਉੱਤੇ ਜਾਂ ਪਾਣੀ ਪੀਣ, ਨਹਾਉਣ, ਸੜਕ ਤੇ ਚੱਲਣ ਤੇ ਪਬਲਿਕ ਟਰਾਂਸਪੋਰਟ ਦਾ ਇਸਤੇਮਾਲ ਕਰਨ ਸਮੇਂ ਕਿਸੇ ਨਾਲ ਵਿਤਕਰਾ ਨਹੀਂ ਕੀਤਾ ਜਾ ਸਕਦਾ।

ਇਸ ਦੇ ਬਾਵਜੂਦ ਦਲਿਤਾਂ ਨੂੰ ਵੋਟਾਂ ਪਾਉਣ ਤੋਂ ਰੋਕਣ ਵਾਲੀਆਂ ਘਟਨਾਵਾਂ ਦੀਆਂ ਰਿਪੋਰਟਾਂ ਅੱਜ ਤੱਕ ਅਖਬਾਰਾਂ ਵਿੱਚ ਛਪਦੀਆਂ ਰਹਿੰਦੀਆਂ ਹਨ। ਅਕਤੂਬਰ 2020 ਦੇ 'ਫਰੰਟ ਲਾਈਨ' ਵਿੱਚ ਛਪੀ ਰਿਪੋਰਟ ਅਨੁਸਾਰ ਸਰਬਨਾ ਕੁਮਾਰ ਰਾਜੇਸ਼ਵਰੀ, ਜੋ ਕੁਡਾਲੋਰ ਜ਼ਿਲ੍ਹੇ ਦੇ ਥੇਰੂਕੁੱਥੀਤਾਈ ਰਿਜ਼ਰਵ ਹਲਕੇ ਤੋਂ ਪੰਚਾਇਤ ਪ੍ਰਧਾਨ ਤਾਂ ਚੁਣੇ ਗਏ, ਪਰ ਉਸ ਨੂੰ ਸਵਰਨ ਜਾਤੀ ਵਾਲਿਆਂ ਨੇ ਆਪਣੇ ਬਰਾਬਰ ਕੁਰਸੀ 'ਤੇ ਨਹੀਂ ਬੈਠਣ ਦਿੱਤਾ, ਸਗੋਂ ਧਰਤੀ 'ਤੇ ਬੈਠਣ ਲਈ ਮਜਬੂਰ ਕੀਤਾ ਗਿਆ। ਮਦੁਰਾਈ ਜ਼ਿਲ੍ਹੇ ਦੇ ਇੱਕ ਪਿੰਡ ਵਿੱਚ ਜੂਨ 1997 ਨੂੰ ਸੱਤ ਦਲਿਤ ਇਨਸਾਨਾਂ ਨੂੰ ਚੋਣ ਸਮੇਂ ਸਵਰਨ ਜਾਤੀ ਦੇ ਲੋਕਾਂ ਦੀ ਮਨਮਰਜ਼ੀ ਨਾ ਮੰਨਣ ਕਾਰਨ ਬੁਰੀ ਤਰ੍ਹਾਂ ਕੁੱਟ-ਕੁੱਟ ਕੇ ਮਾਰ ਦਿੱਤਾ ਗਿਆ।



'ਏਅਰ ਇੰਡੀਆ ਸਟੈਚੂਟਰੀ ਕਾਰਪੋਰੇਸ਼ਨ' ਬਨਾਮ 'ਯੂਨਾਈਟਡ ਲੇਬਰ ਯੂਨੀਅਨ' ਦੇ ਕੇਸ ਦਾ ਫੈਸਲਾ ਸੁਣਾਉਂਦੇ ਸੁਪਰੀਮ ਕੋਰਟ ਦੀ ਬੈਂਚ ਵੱਲੋਂ ਆਰਟੀਕਲ 38 ਦੇ ਅਧੀਨ ਸਮਾਜਿਕ ਇਨਸਾਫ ਦੀ ਵਿਸਥਾਰਪੂਰਵਕ ਵਿਆਖਿਆ ਇੰਝ ਕੀਤੀ ਗਈ ਹੈ ਕਿ ਸਮਾਜਿਕ ਇਨਸਾਫ ਦਾ ਸੰਕਲਪ ਅਜਿਹੇ ਵੱਖ-ਵੱਖ ਅਸੂਲਾਂ ਨੂੰ ਸੁਮੇਲ ਕੇ ਬਣਾਇਆ ਗਿਆ ਹੈ, ਜਿਸ ਨਾਲ ਹਰੇਕ ਨਾਗਰਿਕ ਦੀ ਤਰੱਕੀ ਅਤੇ ਵਿਕਾਸ ਸੰਭਵ ਹੋ ਸਕੇ। ਇਨਸਾਫ ਦੀ ਧਾਰਨਾ ਦਾ ਇੱਕ ਖਾਸ ਪਹਿਲੂ ਸਮਾਜਿਕ- ਇਨਸਾਫ ਇੱਕ ਪ੍ਰਵਰਤਕ ਔਜ਼ਾਰ ਹੈ, ਇਸ ਨਾਲ ਅਸੀਂ ਕਮਜ਼ੋਰ, ਗਰੀਬ, ਦਲਿਤ, ਆਦਿਵਾਸੀਆਂ ਅਤੇ ਸਮਾਜ ਦੇ ਪਛੜ ਗਏ ਵਰਗਾਂ ਦੀਆਂ ਤਕਲੀਫਾਂ ਨੂੰ ਹੱਲ ਕਰ ਸਕਦੇ ਹਾਂ। ਉਹਨਾਂ ਦੇ ਵਿਕਾਸ ਲਈ ਬਰਾਬਰ ਦੇ ਮੌਕੇ ਦੇ ਕੇ ਉਹਨਾਂ ਨੂੰ ਇੱਕ ਅਜਿਹਾ ਜੀਵਨ ਦੇ ਸਕਦੇ ਹਾਂ, ਜਿਸ 'ਤੇ ਉਹ ਮਾਣ ਮਹਿਸੂਸ ਕਰ ਸਕਣ। ਬੇਸ਼ੱਕ ਸਮਾਜਿਕ ਇਨਸਾਫ ਕੋਈ ਸਿੱਧੇ ਸਾਦੇ ਢੰਗ ਜਾਂ ਇਕੱਲਿਆਂ ਸਭ ਮਸਲੇ ਹੱਲ ਨਹੀਂ ਕਰ ਸਕਦਾ, ਪਰ ਫਿਰ ਵੀ ਇਹ ਸਮਾਜ ਦੇ ਗੁੰਝਲਦਾਰ ਤਾਣੇ-ਬਾਣੇ ਵਿੱਚੋਂ ਗਰੀਬਾਂ, ਅਪੰਗਾਂ, ਅਨੇਕਾਂ ਕਿਸਮ ਦੀਆਂ ਪ੍ਰੇਸ਼ਾਨੀਆਂ ਨੂੰ ਝੱਲ ਰਹੇ ਲੋਕਾਂ ਦੇ ਜੀਵਨ ਨੂੰ ਜੀਣ ਯੋਗ ਬਣਾਉਣ ਅਤੇ ਆਮ ਸਮਾਜ ਦੀ ਭਲਾਈ ਲਈ ਜ਼ਰੂਰੀ ਆਧਾਰ ਹੈ।

ਸਮਾਜਿਕ ਇਨਸਾਫ ਅਤੇ ਬਰਾਬਰੀ ਇੱਕ-ਦੂਜੇ ਦੀਆਂ ਪੂਰਕ ਦੋ ਧਾਰਾਵਾਂ ਹਨ। 'ਕਾਨੂੰਨ ਦਾ ਰਾਜ' ਸਮਾਜਿਕ ਇਨਸਾਫ ਅਤੇ ਬਰਾਬਰੀ ਲਈ ਜ਼ਰੂਰੀ ਔਜ਼ਾਰ ਹੈ।

ਆਰਥਿਕ ਇਨਸਾਫ ਲਈ ਸੰਵਿਧਾਨ ਦੀ ਧਾਰਾ 39 ਅਨੁਸਾਰ ਸਰਕਾਰਾਂ ਨੂੰ ਵਿਸ਼ੇਸ਼ ਢੰਗ ਦੀਆਂ ਵਿਵਸਥਾਵਾਂ ਕਰਨ ਦੀਆਂ ਹਦਾਇਤਾਂ ਕੀਤੀਆਂ ਗਈਆਂ ਹਨ, ਜਿਵੇਂ ਕਿ ਜੀਵਨ ਦੇ ਸੋਮਿਆਂ ਉੱਤੇ ਔਰਤਾਂ ਅਤੇ ਮਰਦਾਂ ਲਈ ਬਰਾਬਰ ਦਾ ਅਧਿਕਾਰ ਹੋਵੇ। ਸਮੁਦਾਏ ਦੇ ਪਦਾਰਥਕ ਸੋਮਿਆਂ ਦੀ ਮਾਲਕੀ ਅਤੇ ਕੰਟਰੋਲ ਉਸ ਸਮੁਦਾਏ ਦੇ ਆਮ ਲੋਕਾਂ ਦੀ ਭਲਾਈ ਲਈ ਇਸਤੇਮਾਲ ਕਰਨਾ। ਅਜਿਹੀ ਆਰਥਿਕ ਵਿਵਸਥਾ ਦਾ ਨਿਰਮਾਣ ਕਰਨਾ, ਤਾਂ ਕਿ ਆਮਦਨ ਤੇ ਜਾਇਦਾਦ ਦੇ ਸਾਰੇ ਹੀ ਸੋਮੇ ਕੁਝ ਹੱਥਾਂ ਵਿੱਚ ਇਕੱਤਰ ਨਾ ਹੋ ਜਾਣ ਅਤੇ ਇਹ ਆਮ ਲੋਕਾਂ ਦੇ ਵਿਕਾਸ ਵਿੱਚ ਰਾਹ ਦਾ ਰੋੜਾ ਨਾ ਬਣ ਜਾਣ, ਪਰ ਸਾਡੀਆਂ ਅਪਣੀਆਂ ਹੀ ਚੁਣੀਆਂ ਸਰਕਾਰਾਂ ਵੱਲੋਂ ਸੰਵਿਧਾਨ ਦੇ ਇਸ ਖਾਸ ਦਿਸ਼ਾ-ਨਿਰਦੇਸ਼ ਨੂੰ ਤਾਂ ਅੱਖੋਂ-ਪਰੋਖੇ ਕੀਤਾ ਜਾਂਦਾ ਰਿਹਾ ਸਪੱਸ਼ਟ ਨਜ਼ਰ ਆਉਂਦਾ ਹੈ। ਸੋਚਣ, ਸਮਝਣ ਵਾਲੀ ਗੱਲ ਹੈ।

ਆਰਥਿਕ ਇਨਸਾਫ ਲਈ ਨਿਰਦੇਸ਼ ਅਨੁਸਾਰ ਆਦਮੀ ਅਤੇ ਔਰਤਾਂ ਲਈ ਬਰਾਬਰ ਦੇ ਕੰਮ ਲਈ ਬਰਾਬਰ ਤਨਖਾਹ, ਬੱਚਿਆਂ ਅਤੇ ਮਜ਼ਦੂਰਾਂ ਦੀ ਸਿਹਤ-ਸੰਭਾਲ ਲਈ ਇਹ ਸੁਨਿਸਚਿਤ ਕਰਨਾ ਕਿ ਉਹ ਆਪਣੀਆਂ ਆਰਥਿਕ ਮਜਬੂਰੀਆਂ ਕਾਰਨ ਕੱਚੀ ਉਮਰੇ ਕਿਸੇ ਤਰ੍ਹਾਂ ਦੇ ਸ਼ੋਸ਼ਣ ਦਾ ਸ਼ਿਕਾਰ ਨਾ ਹੋਣ, ਸ਼ਾਮਲ ਹੈ। ਬੱਚਿਆਂ ਲਈ ਅਜਿਹੀਆਂ ਸੁਵਿਧਾਵਾਂ ਦਾ ਨਿਰਮਾਣ ਕਰਨਾ, ਤਾਂ ਕਿ ਉਹ ਆਪਣਾ ਬਚਪਨ ਆਜ਼ਾਦੀ ਅਤੇ ਸ਼ਾਨਦਾਰ ਢੰਗ ਨਾਲ ਜਿਉਣ ਅਤੇ ਉਹਨਾਂ ਦਾ ਕਿਸੇ ਵੀ ਤਰ੍ਹਾਂ ਦਾ ਸ਼ੋਸ਼ਣ ਨਾ ਕੀਤਾ ਜਾ ਸਕੇ।

ਉਪਰੋਕਤ ਦਿਸ਼ਾ-ਨਿਰਦੇਸ਼ਾਂ ਨੂੰ ਧਿਆਨ ਵਿਚ ਰੱਖ ਕੇ ਸੁਪਰੀਮ ਕੋਰਟ ਵੱਲੋਂ ਕਈ ਵਾਰ ਅਜਿਹੇ ਫੈਸਲੇ ਦਿੱਤੇ ਗਏ ਹਨ, ਜਿਸ ਨਾਲ ਦੇਸ਼ ਦੇ ਆਰਥਿਕ ਸੋਮਿਆਂ ਦਾ ਵਿਸ਼ੇਸ਼ ਵਿਅਕਤੀਆਂ ਵੱਲੋਂ ਸ਼ੋਸ਼ਣ ਨੂੰ ਰੋਕਿਆ ਗਿਆ ਹੈ, ਜਿਵੇਂ ਕਿ ਸਪੈਕਟਰਮ ਦੀ ਅਲਾਟਮੈਂਟ ਸਮੇਂ ਸੁਪਰੀਮ ਕੋਰਟ ਵੱਲੋਂ 'ਸੈਂਟਰ ਫਾਰ ਪਬਲਿਕ ਇੰਟਰੈਸਟ ਲਿਟੀਗੇਸ਼ਨ' ਬਨਾਮ 'ਯੂਨੀਅਨ ਆਫ ਇੰਡੀਆ' ਦੇ ਮੁਕੱਦਮੇ ਵਿੱਚ ਫੈਸਲਾ ਸੁਣਾਇਆ। 'ਤਾਮਿਲਨਾਡੂ ਦੀ ਸਰਕਾਰ' ਬਨਾਮ 'ਅਬੂ ਕੁਮਾਰ ਬਾਈ' ਦੀ ਟਰਾਂਸਪੋਰਟ ਦੇ ਕੌਮੀਕਰਨ ਸਮੇਂ ਫੈਸਲਾ ਸੁਣਾਇਆ ਗਿਆ। ਇਹਨਾਂ ਦਾ ਆਧਾਰ ਸੰਵਿਧਾਨ ਵਿੱਚ ਦਰਜ ਆਰਟੀਕਲ 39 (ਬੀ) ਅਤੇ (ਸੀ) ਨੂੰ ਬਣਾਇਆ ਗਿਆ ਸੀ।

ਪੁਰਾਣੇ ਦਾਰਸ਼ਨਿਕ ਪਲੈਟੋ ਤੋਂ ਲੈ ਮੱਧ ਯੁਗ ਦੇ ਸੰਤ ਅਗਸਤਟੀਨ ਜਾਂ ਆਧੁਨਿਕ ਵਿਚਾਰਧਾਰਕਾਂ ਤੱਕ, ਸਭ ਦਾ ਮੰਨਣਾ ਹੈ ਕਿ ਇਨਸਾਫ ਸਮਾਜਿਕ ਸੰਬੰਧਾਂ ਦੇ ਸਵੈ-ਇੱਛੁਕ ਸਮਝੌਤਿਆਂ ਦਾ ਇੱਕ ਜ਼ਰੂਰੀ ਅੰਗ ਹੈ। ਅੱਜਕੱਲ ਦੇ ਦਾਰਸ਼ਨਿਕਾਂ ਨੇ ਇਸ ਵਿੱਚ ਇਹ ਸਮਾਜਿਕ ਸੰਪਤੀ ਦੀ ਰੱਖਿਆ ਅਤੇ ਉਸ ਨੂੰ ਸਮਾਜ ਉਪਯੋਗੀ ਕੰਮਾਂ ਲਈ ਇਸਤੇਮਾਲ ਕਰਨ ਦੇ ਨਾਲ ਹਵਾ, ਪਾਣੀ ਅਤੇ ਵਾਤਾਵਰਨ ਦੀ ਸੁਰੱਖਿਆ ਆਦਿ ਦੇ ਮਸਲਿਆਂ ਨੂੰ ਵੀ ਸਮਾਜਿਕ ਨਿਆਂ ਦੀ ਹੀ ਇੱਕ ਜ਼ਰੂਰਤ ਵਜੋਂ ਸ਼ਾਮਲ ਕਰ ਲਿਆ ਹੈ।

ਆਧੁਨਿਕ ਚੁਣੀਆਂ ਹੋਈਆਂ ਸਰਕਾਰਾਂ ਦੇ ਨਾਲ-ਨਾਲ ਸਮਾਜ ਦੀਆਂ ਅਨੇਕਾਂ ਹੋਰ ਸੰਸਥਾਵਾਂ ਅਤੇ ਸੁਚੇਤ ਨਾਗਰਿਕਾਂ ਵੱਲੋਂ ਵੀ ਇਹਨਾਂ ਨੂੰ ਪ੍ਰਾਪਤ ਕਰਨ ਵੱਲ ਸਾਂਝੇ ਤੌਰ 'ਤੇ ਲਗਾਤਾਰ ਯਤਨਾਂ ਦੀ ਜ਼ਰੂਰਤ ਹੈ।

*# ਸੰਪਰਕ : 98142-73870*

